ਸਤਿਗੁਰੂ (੨)

(ਲੇਖਕ: ਮ: ਜੁਗਿੰਦਰ ਸਿੰਘ)

ਤਤਕਰਾ/ਪਰਕਰਣ

੧. ਸਤਿਗੁਰ ਦਾਤਾ ਨਾਮ ਕਾ

੨. ਬਿਨੁ ਸਤਿਗੁਰ ਹਰਿ ਨਾਮੁ ਨ ਲਭਦੀ॥

੩. ਨਾਮ ਵਿਹੂਣੇ ਜੀਵਣ

(ੳ) ਨਾਮ ਵਿਹੂਨੜਿਆਂ ਦੀ ਜਮਪੁਰੀ ਵਿਖੇ ਖੁਆਰੀ

(ਅ) ਨਾਮ ਵਿਸਾਰੂਏ ਵਿਸਟਾ ਦੇ ਕੀੜੇ

(ਏ) ਨਾਮ ਵਿਹੂਣਿਆਂ ਨੂੰ ਲਖ ਚਉਰਾਸੀਹ ਦੇ ਫੇਰ

(ਸ) ਨਾਮੋਂ ਸੁੰਞੇ ਅਸਲੀ ਚੋਰ

(ਹ) ਨਾਮ ਬਿਨਾ ਜੀਵਨ ਬ੍ਰਿਥਾ ਤੇ ਦੁਖ ਰੂਪ

(ਕ) ਨਾਮ ਬਿਨਾ ਕਮਲਾ ਤੇ ਬਉਰਾ

(ਖ) ਨਾਮੋ ਹੀਣਿਆਂ ਦਾ ਨਰਕਾਂ ਵਿਖੇ ਵਾਸਾ

(ਗ) ਨਾਮੋ ਸਖਣਿਆਂ ਦੇ ਅਨਿਕ ਪ੍ਰਕਾਰੀ ਕਰਮ ਸਭ ਕੁਲੇਖੇ

(ਘ) ਨਾਮ ਬਿਨਾ ਸਭ ਨੀਚ ਜਾਤਿ

(ਙ) ਨਾਮੋ ਹੀਣੇ ਨਕਟੇ

(ਚ) ਨਾਮੋ ਖਾਲੀ ਮਹਾਂ ਮੂਰਖ

(ਛ) ਨਾਮੋ ਸਖਣੇ ਧ੍ਰਿਕਾਰਯੋਗ

(ਜ) ਨਾਮ ਬਿਹੂਨਾ ਜੀਵਣ ਕੁਤਿਆਂ, ਕਾਂਵਾਂ, ਗਧਿਆਂ, ਸੂਰਾਂ, ਸੱਪਾਂ ਆਦਿ ਜੂਨਾਂ ਸਮਾਨ ਸਗੋਂ ਏਹਨਾਂ ਤੋਂ ਵੀ ਭੈੜਾ

(ਝ) ਨਾਮੋ ਹੀਣਿਆਂ ਦੀ ਭਿਟ ਤੋਂ ਬਚਣ ਲਈ ਗੁਰੂ ਸਾਹਿਬ ਦੇ ਤਾਕੀਦੀ ਹੁਕਮ

(ਞ) ਮਰਿ ਨ ਜਾਹੀ ਜਿਨਾ ਬਿਸਰਤ ਰਾਮ॥

(੧) ਸਤਿਗੁਰ ਦਾਤਾ ਨਾਮ ਕਾ

- ਜਿਨੀ ਸਤਿਗੁਰੁ ਸੇਵਿਆ ਤਿਨੀ ਪਾਇਆ ਨਾਮੁ ਨਿਧਾਨੁ ॥(੨੬)

- ਐਸਾ ਸਤਿਗੁਰੁ ਲੋੜਿ ਲਹੁ ਜਿਦੂ ਪਾਈਐ ਸਚੁ ਸੋਇ ॥ (੩੦)

- ਸਤਿਗੁਰਿ ਮਿਲਿਐ ਧਨੁ ਪਾਇਆ ਹਰਿ ਨਾਮਾ ਰਿਦੈ ਸਮਾਲਿ ॥(੩੨)

- ਸਤਿਗੁਰੁ ਦਾਤਾ ਹਰਿ ਨਾਮ ਕਾ ਪ੍ਰਭੁ ਆਪਿ ਮਿਲਾਵੈ ਸੋਇ ॥
  ਸਤਿਗੁਰਿ ਹਰਿ ਪ੍ਰਭੁ ਬੁਝਿਆ ਗੁਰ ਜੇਵਡੁ ਅਵਰੁ ਨ ਕੋਇ॥ (੩੯)

- ਨਾਮੁ ਅਮੋਲਕੁ ਰਤਨੁ ਹੈ ਪੂਰੇ ਸਤਿਗੁਰ ਪਾਸਿ॥ ਸਤਿਗੁਰ ਸੇਵੈ ਲਗਿਆ ਕਢਿ ਰਤਨੁ ਦੇਵੈ ਪਰਗਾਸਿ॥ (੪੦)

- ਸਤਿਗੁਰੁ ਦਾਤਾ ਨਾਮ ਕਾ ਪੂਰਾ ਜਿਸੁ ਭੰਡਾਰੁ ॥ (੪੯)

- ਨਾਮੁ ਨਿਧਾਨੁ ਸਤਿਗੁਰਿ ਦੀਆ ਸੁਖੁ ਨਾਨਕ ਮਨ ਮਹਿ ਮੰਡੁ ॥(੫੦)

- ਸਤਿਗੁਰ ਵਿਟਹੁ ਵਾਰਿਆ ਜਿਨਿ ਦਿਤਾ ਸਚੁ ਨਾਉ॥(੫੩)

- ਸਤਿਗੁਰਿ ਸਬਦੁ ਸੁਣਾਇਆ ਹਉ ਸਦ ਬਲਿਹਾਰੈ ਜਾਉ ॥ (੬੫)

- ਨਾਨਕ ਦਾਤਾ ਏਕੁ ਹੈ ਦੂਜਾ ਅਉਰੁ ਨ ਕੋਇ ॥ ਗੁਰ ਪਰਸਾਦੀ ਪਾਈਐ ਕਰਮਿ ਪਰਾਪਤਿ ਹੋਇ॥ (੬੫)

- ਸਤਿਸੰਗਤਿ ਮਹਿ ਨਾਮੁ ਹਰਿ ਉਪਜੈ ਜਾ ਸਤਿਗੁਰੁ ਮਿਲੈ ਸੁਭਾਏ॥ (੬੭)

- ਸਤਿਗੁਰਿ ਸਚੁ ਦਿੜਾਇਆ ਸਦਾ ਸਚਿ ਸੰਜਮਿ ਰਹਣਾ ॥ (੭੦)

- ਸਤਿਗੁਰਿ ਸਬਦੁ ਸੁਣਾਇਆ ਬਿਨੁ ਸਚੇ ਅਵਰੁ ਨ ਕੋਈ ॥ (੭੦)

- ਸੁਰਿ ਨਰ ਮੁਨਿ ਜਨ ਲੋਚਦੇ ਸੋ ਸਤਿਗੁਰ ਦੀਆ ਬੁਝਾਇ ਜੀਉ ॥ (੭੨)

- ਸਤਿਗੁਰਿ ਸਚੁ ਦ੍ਰਿੜਾਇਆ ਸਚਿ ਰਹਹੁ ਲਿਵ ਲਾਇ ॥ (੮੪)

- ਪੂਰੈ ਭਾਗਿ ਸਤਿਗੁਰੁ ਮਿਲੈ ਸੁਖਦਾਤਾ ਨਾਮੁ ਵਸੈ ਮਨਿ ਆਇ ॥ (੮੫)

- ਜਿਨੀ ਸਤਿਗੁਰੁ ਸੇਵਿਆ ਤਿਨੀ ਨਾਉ ਪਾਇਆ ਬੂਝਹੁ ਕਰਿ ਬੀਚਾਰੁ ॥(੮੬)

- ਗੁਰਿ ਪੂਰੈ ਹਰਿ ਨਾਮੁ ਦਿੜਾਇਆ ਤਿਨਿ ਵਿਚਹੁ ਭਰਮੁ ਚੁਕਾਇਆ ॥ (੮੬)

- ਸਤਿਗੁਰ ਵਿਚਿ ਨਾਮੁ ਨਿਧਾਨੁ ਹੈ ਕਰਮਿ ਪਰਾਪਤਿ ਹੋਇ ॥(੮੮)

- ਸਤਿਗੁਰ ਕੈ ਭਾਣੈ ਜੋ ਚਲੈ ਤਿਸੁ ਵਡਿਆਈ ਵਡੀ ਹੋਇ ॥
ਹਰਿ ਕਾ ਨਾਮੁ ਉਤਮੁ ਮਨਿ ਵਸੈ ਮੇਟਿ ਨ ਸਕੈ ਕੋਇ॥(੯੦)

- ਗੁਰਿ ਪੂਰੈ ਹਰਿ ਨਾਮੁ ਦਿੜਾਇਆ ਹਰਿ ਨਿਹਚਲੁ ਹਰਿ ਧਨੁ ਪਲੈ ਜੀਉ ॥(੯੪)

- ਸਤਿਗੁਰਿ ਦਾਤੈ ਨਾਮੁ ਦਿੜਾਇਆ॥ (੯੬)

- ਕਰਮੁ ਹੋਵੈ ਸਤਿਗੁਰੂ ਮਿਲਾਏ॥ ਸੇਵਾ ਸੁਰਤਿ ਸਬਦਿ ਚਿਤੁ ਲਾਏ ॥ (੧੦੯)

- ਸਤਿਗੁਰੁ ਸੇਵਿਐ ਵਡੀ ਵਡਿਆਈ ॥ ਹਰਿ ਜੀ ਅਚਿੰਤੁ ਵਸੈ ਮਨਿ ਆਈ ॥(੧੧੪)

- ਸਤਿਗੁਰੁ ਸੇਵੀ ਸਬਦਿ ਸੁਹਾਇਆ ॥ ਜਿਨਿ ਹਰਿ ਕਾ ਨਾਮੁ ਮੰਨਿ ਵਸਾਇਆ ॥(੧੧੫)

- ਸਤਿਗੁਰੁ ਦਾਤਾ ਮਿਲੈ ਮਿਲਾਇਆ ॥ ਪੂਰੈ ਭਾਗਿ ਮਨਿ ਸਬਦੁ ਵਸਾਇਆ ॥(੧੧੫)

- ਸਤਿਗੁਰੁ ਮਿਲੈ ਤਾ ਤਤੁ ਪਾਏ ॥ ਹਰਿ ਕਾ ਨਾਮੁ ਮੰਨਿ ਵਸਾਏ ॥(੧੧੬)

- ਏਕਾ ਜੋਤਿ ਜੋਤਿ ਹੈ ਸਰੀਰਾ ॥ ਸਬਦਿ ਦਿਖਾਏ ਸਤਿਗੁਰੁ ਪੂਰਾ ॥(੧੨੫)

- ਸਤਿਗੁਰੁ ਖੋਟਿਅਹੁ ਖਰੇ ਕਰੇ ਸਬਦਿ ਸਵਾਰਣਹਾਰੁ ॥(੧੪੩)

- ਸਤਿਗੁਰੁ ਹੋਇ ਦਇਆਲੁ ਤ ਨਾਮੁ ਧਿਆਈਐ ॥(੧੪੫)

- ਕਿਰਪਾ ਕਰਿ ਸਤਿਗੁਰੂ ਮਿਲਾਏ ॥ ਏਕੋ ਨਾਮੁ ਚੇਤੇ ਵਿਚਹੁ ਭਰਮੁ ਚੁਕਾਏ ॥ (੧੬੧)

- ਵਡਭਾਗੀ ਸਤਿਗੁਰੁ ਮਿਲੈ ਮੁਖਿ ਅੰਮ੍ਰਿਤੁ ਪਾਈਐ॥ (੧੬੩)

- ਸਤਿਗੁਰੁ ਦਾਤੈ ਨਾਮੁ ਦਿੜਾਇਆ ਮੁਖਿ ਮਸਤਕਿ ਭਾਗ ਸਭਾਗੇ॥ (੧੭੧)

- ਸਤਿਗੁਰੁ ਤੁਠੜਾ ਦਸੇ ਹਰਿ ਪਾਈ ਜੀਉ॥ ਹਰਿ ਨਾਮੇ ਨਾਮਿ ਸਮਾਈ ਜੀਉ ॥ (੧੭੫)

- ਸਤਿਗੁਰ ਤੇ ਦ੍ਰਿੜਿਆ ਇਕੁ ਏਕੈ॥ ਨਾਨਕ ਦਾਸ ਹਰਿ ਹਰਿ ਹਰਿ ਟੇਕੈ॥ (੧੮੧)

- ਆਪਨ ਨਾਮੁ ਸਤਿਗੁਰ ਤੇ ਪਾਇਓ॥ (੧੮੭)

- ਦੁਲਭ ਦੇਹ ਹੋਈ ਪਰਵਾਨੁ॥ ਸਤਿਗੁਰ ਤੇ ਪਾਇਆ ਨਾਮੁ ਨੀਸਾਨੁ॥ (੧੯੩)

- ਸਤਿਗੁਰਿ ਮੰਤ੍ਰੁ ਦੀਓ ਹਰਿ ਨਾਮੁ॥ ਇਹ ਆਸਰ ਪੂਰਨ ਭਏ ਕਾਮ॥ (੧੯੬)

- ਨਾਮੁ ਇਸਟੁ ਮੀਤ ਸੁਤ ਕਰਤਾ ਮਨ ਸੰਗਿ ਤੁਹਾਰੈ ਚਾਲੈ॥
  ਕਰਿ ਸੇਵਾ ਸਤਿਗੁਰ ਅਪੁਨੇ ਕੀ ਗੁਰ ਤੇ ਪਾਈਐ ਪਾਲੈ॥ (੨੧੩)

- ਅਖੁਟੁ ਖਜਾਨਾ ਸਤਿਗੁਰਿ ਦੀਆ ਤੋਟਿ ਨਹੀ ਰੇ ਮੂਕੇ॥ (੨੧੫)

- ਪੂਰੈ ਸਤਿਗੁਰਿ ਸਬਦੁ ਸੁਣਾਇਆ॥ ਤ੍ਰੈ ਗੁਣ ਮੇਟੇ ਚਉਥੈ ਚਿਤੁ ਲਾਇਆ॥ (੨੩੧)

- ਸਤਿਗੁਰੁ ਦਾਤਾ ਸਬਦੁ ਸੁਣਾਏ॥ (੨੩੨)

- ਸਤਿਗੁਰ ਤੇ ਨਾਮੁ ਪਾਈਐ ਕਰਮਿ ਮਿਲੈ ਪ੍ਰਭੁ ਸੋਇ॥ (੨੩੩)

- ਸਤਿਗੁਰੂ ਨੋ ਮਿਲੇ ਸੇਈ ਜਨ ਉਬਰੇ ਜਿਨ ਹਿਰਦੈ ਨਾਮੁ ਸਮਾਰਿਆ॥ (੩੧੨)

- ਤੁਸਿ ਦਿਤਾ ਪੂਰੈ ਸਤਿਗੁਰੂ ਹਰਿ ਧਨੁ ਸਚੁ ਅਖੁਟੁ॥ (੩੧੫)

- ਸਤਿ ਸਤਿ ਸਤਿਗੁਰਿ ਨਾਮੁ ਦਿੜਾਇਆ ਰਸਿ ਗਾਏ ਗੁਣ ਪਰਮਾਨੰਦਾ॥ (੩੬੭)

- ਕਲਿਜੁਗੁ ਉਧਾਰਿਆ ਗੁਰਦੇਵ॥ (੪੦੬)

- ਹਰਿ ਕਾ ਨਾਮੁ ਨਿਧਾਨੁ ਹੈ ਪੂਰੈ ਗੁਰਿ ਦੀਆ॥ (੪੧੯)

- ਸਤਿਗੁਰਿ ਨਾਮੁ ਬੁਝਾਇਆ ਵਿਣੁ ਨਾਵੈ ਭੁਖ ਨ ਜਾਈ॥ (੪੨੩)

- ਸਤਿਗੁਰ ਤੇ ਹਰਿ ਪਾਈਐ ਭਾਈ॥ ਅੰਤਰਿ ਨਾਮੁ ਨਿਧਾਨੁ ਹੈ ਪੂਰੈ ਸਤਿਗੁਰਿ ਦੀਆ ਦਿਖਾਈ॥ (੪੨੫)

- ਗੁਰ ਪੂਰੇ ਤੇ ਪਾਈਐ ਨਾਮੇ ਵਡਿਆਈ॥ (੪੨੭)

- ਪੂਰਾ ਸਤਿਗੁਰੁ ਭੇਟਿਆ ਸਫਲੁ ਜਨਮੁ ਹਮਾਰਾ॥ ਨਾਮੁ ਨਵੈ ਨਿਧਿ ਪਾਇਆ ਭਰੇ ਅਖੁਟ ਭੰਡਾਰਾ॥ (੪੨੯)
- ਸਤਿਗੁਰੁ ਸਾਹੁ ਸਿਖ ਵਣਜਾਰੇ॥ ਪੂੰਜੀ ਨਾਮੁ ਲੇਖਾ ਸਾਚੁ ਸਮ੍ਹਾਰੇ॥ (੪੩੦)

- ਲੋਭ ਵਿਕਾਰ ਨਾਵ ਡੁਬਦੀ ਨਿਕਲੀ ਜਾ ਸਤਿਗੁਰਿ ਨਾਮੁ ਦਿੜਾਏ॥ (੪੪੩)

- ਹਰਿ ਅੰਮ੍ਰਿਤ ਭਗਤਿ ਭੰਡਾਰ ਹੈ ਗੁਰ ਸਤਿਗੁਰ ਪਾਸੇ ਰਾਮ ਰਾਜੇ॥ (੪੪੯)

- ਸਤਿਗੁਰ ਵਿਟਹੁ ਵਾਰਿਆ ਜਿਤੁ ਮਿਲਿਐ ਖਸਮੁ ਸਮਾਲਿਆ॥ (੪੭੦)

- ਸਤਿਗੁਰ ਮਿਲਿਐ ਹਰਿ ਮਨਿ ਵਸੈ ਸਹਜੇ ਰਹੈ ਸਮਾਇ॥ (੪੯੦)

- ਲਾਦਿ ਖਜਾਨਾ ਗੁਰਿ ਨਾਨਕ ਕਉ ਦੀਆ ਇਹੁ ਮਨੁ ਹਰਿ ਰੰਗਿ ਰੰਗੇ॥ (੪੯੬)

- ਨਾਮੁ ਨਿਧਾਨੁ ਸਤਿਗੁਰੂ ਦ੍ਰਿੜਾਇਆ ਬਿਨਸਿ ਨ ਆਵੈ ਜਾਈ॥ (੪੯੭)

- ਨਾਨਕ ਸਤਿਗੁਰ ਸੋ ਧਨੁ ਸਉਪਿਆ ਜਿ ਜੀਅ ਮਹਿ ਰਹਿਆ ਸਮਾਇ॥ (੫੧੦)

- ਜਿ ਸਤਿਗੁਰੁ ਸੇਵੇ ਆਪਣਾ ਤਿਸ ਨੋ ਪੂਜੇ ਸਭੁ ਕੋਇ॥
  ਸਭਨਾ ਉਪਾਵਾ ਸਿਰਿ ਉਪਾਉ ਹੈ ਹਰਿ ਨਾਮੁ ਪਰਾਪਤਿ ਹੋਇ॥ (੫੧੧)

- ਸਤਿਗੁਰਿ ਦਿਤਾ ਹਰਿ ਨਾਮੁ ਅੰਮ੍ਰਿਤੁ ਚਖਿਆ॥ (੫੨੩)

- ਸਤਿਗੁਰ ਕੀ ਸੇਵਾ ਸਫਲ ਹੈ ਜੇ ਕੋ ਕਰੇ ਚਿਤੁ ਲਾਇ॥
  ਨਾਮੁ ਪਦਾਰਥੁ ਪਾਈਐ ਅਚਿੰਤੁ ਵਸੈ ਮਨਿ ਆਇ॥(੫੫੨)

- ਜਪਿ ਮਨ ਮੇਰੇ ਤੂ ਏਕੋ ਨਾਮੁ॥ ਸਤਿਗੁਰਿ ਦੀਆ ਮੋ ਕਉ ਏਹੁ ਨਿਧਾਨੁ॥(੫੫੮)

- ਨਾਨਕ ਸਤਿਗੁਰਿ ਮਿਲਿਐ ਫਲੁ ਪਾਇਆ ਨਾਮੁ ਵਡਾਈ ਦੇਇ॥ (੫੫੮)

- ਸਤਗੁਰਿ ਮਿਲਿਐ ਸਚਿ ਮਿਲੇ ਸਚਿ ਨਾਮਿ ਸਮਾਇਆ॥ (੫੫੯)

- ਹਰਿ ਹਰਿ ਨਾਮੁ ਮੇਰਾ ਅੰਤਿ ਸਖਾਈ ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ॥ (੫੭੩)

- ਸਭਿ ਆਖਹੁ ਸਤਿਗੁਰੁ ਵਾਹੁ ਵਾਹੁ ਜਿਨਿ ਦਾਨੁ ਹਰਿ ਨਾਮੁ ਮੁਖਿ ਦੀਆ॥ (੫੮੫)

- ਸੋ ਸਤਿਗੁਰੁ ਸੇਵਿਹੁ ਸਾਧ ਜਨੁ ਜਿਨਿ ਹਰਿ ਹਰਿ ਨਾਮੁ ਦ੍ਰਿੜਾਇਆ॥ (੫੮੬)

- ਹਮ ਘਰਿ ਨਾਮੁ ਖਜਾਨਾ ਸਦਾ ਹੈ ਭਗਤਿ ਭਰੇ ਭੰਡਾਰਾ॥
  ਸਤਗੁਰੁ ਦਾਤਾ ਜੀਅ ਕਾ ਸਦ ਜੀਵੈ ਦੇਵਣਹਾਰਾ॥(੫੯੩)

- ਧਨੁ ਧਨੁ ਸਤਿਗੁਰੂ ਮਿਤ੍ਰੁ ਹਮਾਰਾ ਜਿਨਿ ਹਰਿ ਨਾਮ ਸਿਉ ਹਮਾਰੀ ਪ੍ਰੀਤਿ ਬਣਾਈ॥(੫੯੪)

- ਸਤਿਗੁਰੁ ਭੇਟੇ ਤਾ ਨਾਉ ਪਾਏ ਹਉਮੈ ਮੋਹੁ ਚੁਕਾਇਆ॥ (੬੦੦)

- ਸਤਿਗੁਰੁ ਸੇਵਿ ਜਿਨਿ ਨਾਮੁ ਪਛਾਤਾ ਸਫਲੁ ਜਨਮੁ ਜਗਿ ਆਇਆ॥ (੬੦੨)

- ਸਤਿਗੁਰਿ ਨਾਮੁ ਨਿਧਾਨੁ ਦ੍ਰਿੜਾਇਆ ਚਿੰਤਾ ਸਗਲ ਬਿਨਾਸੀ॥ (੬੧੫)

- ਬਿਘਨ ਬਿਨਾਸਨ ਸਭਿ ਦੁਖ ਨਾਸਨ ਸਤਿਗੁਰਿ ਨਾਮੁ ਦ੍ਰਿੜਾਇਆ॥ (੬੨੨)

- ਸਤਿਗੁਰਿ ਮਿਲਿਐ ਨਾਉ ਪਾਇਆ ਨਾਨਕ ਸੁਖਿ ਸਮਾਇ॥ (੬੪੫)

- ਸਤਿਗੁਰਿ ਮਿਲਿਐ ਨਾਮੁ ਊਪਜੈ ਤਿਸਨਾ ਭੁਖ ਸਭ ਜਾਇ॥ (੬੫੩)

- ਸਤਿਗੁਰੁ ਮਿਲੈ ਸਭ ਤ੍ਰਿਸਨ ਬੁਝਾਏ॥ ਨਾਨਕ ਨਾਮਿ ਸਾਂਤਿ ਸੁਖੁ ਪਾਏ॥ (੬੬੪)

- ਸਤਿਗੁਰਿ ਪੂਰੈ ਕੀਨੀ ਦਾਤਿ॥ ਹਰਿ ਹਰਿ ਨਾਮੁ ਦੀਓ ਕੀਰਤਨ ਕਉ ਭਈ ਹਮਾਰੀ ਗਾਤਿ॥ (੬੮੧)

- ਸਤਿਗੁਰਿ ਦਇਆਲਿ ਹਰਿ ਨਾਮੁ ਦ੍ਰਿੜਾਇਆ ਹਰਿ ਪਾਧਰੁ ਹਰਿ ਪ੍ਰਭ ਕੇਰਾ॥ (੭੧੧)

- ਸਤਿਗੁਰੁ ਦਾਤਾ ਆਖੀਐ ਤੁਸਿ ਕਰੇ ਪਸਾਓ॥ ਹਉ ਗੁਰ ਵਿਟਹੁ ਸਦ ਵਾਰਿਆ ਜਿਨਿ ਦਿਤੜਾ ਨਾਓ॥ (੭੨੬)

- ਸਤਿਗੁਰਿ ਦਇਆਲਿ ਗੁਣ ਨਾਮੁ ਦ੍ਰਿੜਾਈ॥ (੭੩੨)

- ਸਤਿਗੁਰੁ ਬਿਰਹੀ ਨਾਮ ਕਾ ਜੇ ਮਿਲੈ ਤ ਤਨੁ ਮਨੁ ਦੇਉ॥ (੭੫੮)

- ਸਤਿਗੁਰੁ ਮਿਲਿਆ ਤਾ ਹਰਿ ਪਾਇਆ ਬਿਨੁ ਹਰਿ ਨਾਵੈ ਮੁਕਤਿ ਨ ਹੋਈ॥ (੭੭੦)

- ਸਤਿਗੁਰੁ ਮਿਲੈ ਤ ਤਿਸ ਕਉ ਜਾਣੈ॥ ਰਹੈ ਰਜਾਈ ਹੁਕਮੁ ਪਛਾਣੈ॥ (੮੩੨)

- ਸਤਿਗੁਰ ਸੇਵਿ ਨਾਮੁ ਵਸੈ ਮਨਿ ਚੀਤਿ॥ ਗੁਰੁ ਭੇਟੇ ਹਰਿ ਨਾਮੁ ਚੇਤਾਵੈ ਬਿਨੁ ਨਾਵੈ ਹੋਰ ਝੂਠੁ ਪਰੀਤਿ॥ (੮੩੨)

- ਜਿਸ ਨੋ ਸਤਿਗੁਰ ਨਾਲਿ ਹਰਿ ਸਰਧਾ ਲਾਏ ਤਿਸੁ ਹਰਿ ਧਨ ਕੀ ਵੰਡ
  ਹਥਿ ਆਵੈ ਜਿਸ ਨੋ ਕਰਤੈ ਧੁਰਿ ਲਿਖਿ ਪਾਇਆ॥ (੮੫੩)

- ਸਤਗੁਰੁ ਮਿਲੈ ਅੰਧੇਰਾ ਜਾਇ॥ (੮੭੬)

- ਗੁਰਿ ਸਤਿਗੁਰਿ ਭਰਮੁ ਚੁਕਾਇਆ॥ ਕਹੁ ਨਾਨਕ ਸਬਦਿ ਮਿਲਾਇਆ॥ (੮੭੯)

- ਸਤਗੁਰੁ ਭੇਟੈ ਨਾਮਿ ਉਧਾਰੁ॥ (੮੮੦)

- ਰਤਨੁ ਜਵੇਹਰੁ ਲਾਲੁ ਹਰਿ ਨਾਮਾ ਗੁਰਿ ਕਾਢਿ ਤਲੀ ਦਿਖਲਾਇਆ॥ (੮੮੦)

- ਸਤਗੁਰ ਜੇਵਡੁ ਅਵਰੁ ਨ ਕੋਈ ਮਿਲਿ ਸਤਗੁਰ ਪੁਰਖ ਧਿਆਈਐ॥
  ਸਤਗੁਰ ਸਰਣਿ ਪਰੇ ਤਿਨ ਪਾਇਆ ਮੇਰੇ ਠਾਕੁਰ ਲਾਜ ਰਖਾਈਐ॥ (੮੮੧)

- ਨਾਨਕ ਗੁਰੂ ਗੁਰੂ ਹੈ ਪੂਰਾ ਮਿਲਿ ਸਤਗੁਰ ਨਾਮੁ ਧਿਆਇਆ॥ (੮੮੨)

- ਸਤਿਗੁਰੁ ਦਾਤਾ ਵਡਾ ਵਡ ਪੁਰਖੁ ਹੈ ਜਿਤੁ ਮਿਲਿਐ ਹਰਿ ਉਰ ਧਾਰੇ॥
ਜੀਅ ਦਾਨੁ ਗੁਰਿ ਪੂਰੈ ਦੀਆ ਹਰਿ ਅੰਮ੍ਰਿਤ ਨਾਮੁ ਸਮਾਰੇ॥ (੮੮੨)

- ਸਤਿਗੁਰ ਭੇਟੈ ਸੋ ਜਨੁ ਸੀਝੈ ਜਿਸੁ ਹਿਰਦੈ ਨਾਮੁ ਵਸਾਈ॥ (੯੧੨)

- ਬਲਿ ਬਲਿ ਬਲਿ ਗੁਰਦੇਵ ਜਿਨਿ ਨਾਮੁ ਦ੍ਰਿੜਾਇਆ॥ (੯੨੫)

- ਪੂਰੇ ਗੁਰ ਤੇ ਨਾਮੁ ਪਾਇਆ ਜਾਇ॥ (੯੪੧)

- ਸਤਿਗੁਰ ਤੇ ਨਾਮੁ ਪਾਈਐ ਅਉਧੂ ਜੋਗ ਜੁਗਤਿ ਤਾ ਹੋਈ॥ (੯੪੬)

- ਸਤਿਗੁਰੁ ਮਿਲੈ ਤਾ ਨਾਮੁ ਦਿੜਾਏ ਸਭਿ ਕਿਲਵਿਖ ਕਟਣਹਾਰੁ॥ (੯੫੦)

- ਸਤਿਗੁਰੁ ਮਿਲੈ ਤ ਇਹੁ ਧਨੁ ਪਾਏ॥ (੯੯੧)

- ਅੰਮ੍ਰਿਤੁ ਹਰਿ ਹਰਿ ਨਾਮੁ ਹੈ ਗੁਰਿ ਪੂਰੈ ਹਰਿ ਰਸੁ ਚਾਖੁ॥ (੯੯੭)

- ਸਤਿਗੁਰੁ ਤੁਠਾ ਸਚੁ ਦ੍ਰਿੜਾਏ॥ (੧੦੨੯)

- ਅੰਮ੍ਰਿਤੁ ਪੀਆ ਸਤਿਗੁਰਿ ਦੀਆ॥ ਅਵਰੁ ਨ ਜਾਣਾ ਦੂਆ ਤੀਆ॥ (੧੦੩੪)

- ਪੂਰੈ ਸਤਿਗੁਰਿ ਸੋਝੀ ਪਾਈ॥ ਏਕੋ ਨਾਮੁ ਮੰਨਿ ਵਸਾਈ॥ (੧੦੫੪)

- ਸਤਿਗੁਰੁ ਪੂਰਾ ਸਾਚੁ ਦ੍ਰਿੜਾਏ॥ ਸਚੈ ਸਬਦਿ ਸਦਾ ਗੁਣ ਗਾਏ॥ (੧੦੫੫)

- ਸਤਿਗੁਰ ਤੇ ਨਾਮੁ ਰਤਨ ਧਨੁ ਪਾਇਆ ਸਤਿਗੁਰ ਕੀ ਸੇਵਾ ਭਾਈ ਹੇ॥ (੧੦੬੯)

- ਸਤਿਗੁਰੁ ਸਾਹੁ ਭੰਡਾਰੁ ਨਾਮ ਜਿਸੁ ਇਹੁ ਰਤਨੁ ਤਿਸੈ ਤੇ ਪਾਇਣਾ॥ (੧੦੭੮)

- ਐਸਾ ਸਤਿਗੁਰੁ ਲੋੜਿ ਲਹੁ ਜਿਸੁ ਜੇਵਡੁ ਅਵਰੁ ਨ ਕੋਇ॥ ਤਿਸੁ ਸਰਣਾਈ ਛੂਟੀਐ ਲੇਖਾ ਮੰਗੈ ਨ ਕੋਇ ॥
ਸਚੁ ਦ੍ਰਿੜਾਏ ਸਚੁ ਦ੍ਰਿੜੁ ਸਚਾ ਓਹੁ ਸਬਦੁ ਦੇਇ॥ (੧੦੮੯)

- ਇਸੁ ਜਗ ਮਹਿ ਸੰਤੀ ਧਨੁ ਖਟਿਆ ਜਿਨਾ ਸਤਿਗੁਰੁ ਮਿਲਿਆ ਪ੍ਰਭੁ ਆਇ॥
ਸਤਿਗੁਰਿ ਸਚੁ ਦ੍ਰਿੜਾਇਆ ਇਸੁ ਧਨ ਕੀ ਕੀਮਤਿ ਕਹੀ ਨ ਜਾਇ ॥ (੧੦੯੨)

- ਸਤਿਗੁਰੁ ਮਿਲੈ ਤ ਜਾਣੀਐ ਜਾਂ ਸਬਦੁ ਵਸੈ ਮਨ ਮਾਹਿ॥ (੧੦੯੩)

- ਨਾਨਕ ਸਤਿਗੁਰਿ ਮੇਲਿ ਮਿਲਾਈ ਚੂਕੀ ਕਾਣਿ ਲੋਕਾਣੀ॥ (੧੧੧੧)

- ਅਗਮੁ ਅਗੋਚਰੁ ਨ ਜਾਈ ਹਰਿ ਲਖਿਆ ਗੁਰੁ ਪੂਰਾ ਮਿਲੈ ਲਖਾਵੀਐ ਰੇ॥ (੧੧੧੮)

- ਨਦਰਿ ਕਰੇ ਸਤਿਗੁਰੂ ਮਿਲਾਏ॥ ਨਾਨਕ ਹਿਰਦੈ ਨਾਮੁ ਵਸਾਏ॥ (੧੧੨੯)

- ਰਾਮ ਨਾਮੁ ਜਨ ਭਾਲਹਿ ਸੋਇ॥ ਪੂਰੇ ਗੁਰ ਤੇ ਪ੍ਰਾਪਤਿ ਹੋਇ॥ (੧੧੨੯)

- ਸਤਿਗੁਰੁ ਭੇਟੈ ਤਾ ਫਲੁ ਪਾਏ ਸਚੁ ਕਰਣੀ ਸੁਖ ਸਾਰੁ॥ (੧੧੩੧)

- ਸਤਿਗੁਰਿ ਨਾਮੁ ਨਿਧਾਨੁ ਦ੍ਰਿੜਾਇਆ॥ (੧੧੫੫)

- ਸਤਿਗੁਰਿ ਮੋ ਕਉ ਕੀਨੋ ਦਾਨੁ॥ ਅਮੋਲ ਰਤਨੁ ਹਰਿ ਦੀਨੋ ਨਾਮੁ॥ (੧੧੫੭)

- ਸਤਿਗੁਰ ਸੇਵਾ ਨਾਮੁ ਦ੍ਰਿੜ੍ਹਾਏ॥ (੧੧੭੫)

- ਨਾਨਕ ਸਤਿਗੁਰਿ ਮਿਲਿਐ ਨਾਉ ਮੰਨੀਐ ਜਿਨ ਦੇਵੈ ਸੋਈ॥ (੧੨੪੧)

- ਨਾਨਕ ਸਤਿਗੁਰਿ ਮਿਲਿਐ ਨਾਉ ਪਾਈਐ ਮਿਲਿ ਨਾਮੁ ਧਿਆਇਆ॥ (੧੨੪੫)

- ਸਤਿਗੁਰ ਭੇਟਿਐ ਮਨੁ ਮਰਿ ਰਹੈ ਹਰਿ ਨਾਮੁ ਵਸੈ ਮਨਿ ਆਇ॥ (੧੨੫੮)

- ਸਤਿਗੁਰ ਤੇ ਹਰਿ ਹਰਿ ਮਨਿ ਵਸਿਆ ਸਤਿਗੁਰ ਕਉ ਸਦ ਬਲਿ ਜਾਈ॥ (੧੨੬੫)

- ਮਨ ਮੇਰੇ ਹਰਿ ਹਰਿ ਨਾਮਿ ਚਿਤੁ ਲਾਇ॥
  ਸਤਿਗੁਰ ਤੇ ਹਰਿ ਪਾਈਐ ਸਾਚਾ ਹਰਿ ਸਿਉ ਰਹੈ ਸਮਾਇ॥ (੧੨੭੬)

- ਨਦਰਿ ਕਰੇ ਜੇ ਆਪਣੀ ਤਾਂ ਸਤਿਗੁਰੁ ਮਿਲੈ ਸੁਭਾਇ॥
  ਨਾਨਕ ਸਤਿਗੁਰ ਤੇ ਅੰਮ੍ਰਿਤ ਜਲੁ ਪਾਇਆ ਸਹਜੇ ਰਹਿਆ ਸਮਾਇ॥ (੧੨੮੪)

- ਸਤਿਗੁਰੁ ਸਬਦੁ ਦੇਇ ਰਿਦ ਅੰਤਰਿ ਮੁਖਿ ਅੰਮ੍ਰਿਤੁ ਨਾਮੁ ਚੁਆਵੈਗੋ॥ (੧੩੧੦)

- ਸਤਿਗੁਰਿ ਮਿਲਿਐ ਨਾਮੁ ਊਪਜੈ ਤ੍ਰਿਸਨਾ ਭੁਖ ਸਭ ਜਾਇ॥ (੧੩੧੭)

- ਸਤਿਗੁਰੁ ਮਿਲੈ ਤ ਪੂਰਾ ਪਾਈਐ ਹਰਿ ਰਸਿ ਰਸਨ ਰਸਾਈ॥ (੧੩੧੮)

- ਜੇ ਆਤਮ ਕਉ ਸੁਖੁ ਸੁਖੁ ਨਿਤ ਲੋੜਹੁ ਤਾਂ ਸਤਿਗੁਰ ਸਰਨਿ ਪਵੀਜੈ॥ (੧੩੨੬)

- ਸਤਿਗੁਰਿ ਦੀਆ ਅੰਮ੍ਰਿਤ ਨਾਮੁ॥ (੧੩੨੮)

- ਸਤਿਗੁਰਿ ਪੂਰੈ ਨਾਮੁ ਦੀਆ॥ (੧੩੪੦)

- ਸਤਿਗੁਰੁ ਭੇਟੈ ਸੋਝੀ ਪਾਇ॥ ਸਚੈ ਨਾਮਿ ਰਹੈ ਲਿਵ ਲਾਇ॥ (੧੩੪੨)

- ਸਤਿਗੁਰ ਮਿਲਿਐ ਮਲੁ ਉਤਰੀ ਹਰਿ ਜਪਿਆ ਪੁਰਖੁ ਸੁਜਾਣੁ॥ (੧੪੧੭)

- ਵਾਹੁ ਵਾਹੁ ਸਤਿਗੁਰੂ ਹੈ ਜਿ ਸਚੁ ਦ੍ਰਿੜਾਏ ਸੋਇ॥
  ਨਾਨਕ ਸਤਿਗੁਰ ਵਾਹੁ ਵਾਹੁ ਜਿਸ ਤੇ ਨਾਮੁ ਪਰਾਪਤਿ ਹੋਇ॥ (੧੪੨੧)

(੨) ਬਿਨੁ ਸਤਿਗੁਰ ਹਰਿ ਨਾਮੁ ਨ ਲਭਈ

- ਬਿਨੁ ਸਤਗੁਰ ਸੁਖੁ ਨ ਪਾਵਈ ਫਿਰਿ ਫਿਰਿ ਜੋਨੀ ਪਾਹਿ॥ (੨੬)

- ਬਿਨੁ ਸਤਿਗੁਰ ਕਿਨੈ ਨ ਪਾਇਓ ਕਰਿ ਵੇਖਹੁ ਮਨਿ ਵੀਚਾਰੁ॥ (੩੭)

- ਜਿਨਾ ਸਤਿਗੁਰੁ ਪੁਰਖੁ ਨ ਭੇਟਿਓ ਸੇ ਭਾਗਹੀਣ ਵਸਿ ਕਾਲ॥
  ਓਇ ਫਿਰਿ ਫਿਰਿ ਜੋਨਿ ਭਵਾਈਅਹਿ ਵਿਚਿ ਵਿਸਟਾ ਕਰਿ ਵਿਕਰਾਲ॥ (੪੦)

- ਬਿਨੁ ਸਤਿਗੁਰ ਹਰਿ ਨਾਮੁ ਨ ਲਭਈ ਲਖ ਕੋਟੀ ਕਰਮ ਕਮਾਉ॥ (੪੦)

- ਬਿਨੁ ਸਤਿਗੁਰ ਪਲੈ ਨਾ ਪਵੈ ਮਨਮੁਖ ਰਹੇ ਬਿਲਲਾਇ॥ (੪੧)

- ਬਿਨੁ ਸਤਿਗੁਰ ਨਾਉ ਨ ਪਾਈਐ ਬਿਨੁ ਨਾਵੈ ਕਿਆ ਸੁਆਉ॥ (੫੮)

- ਵਿਣੁ ਸਤਿਗੁਰ ਪਰਤੀਤਿ ਨ ਆਵਈ ਨਾਮਿ ਨ ਲਾਗੋ ਭਾਉ॥ (੬੫)

- ਬਿਨੁ ਸਤਿਗੁਰ ਕੋ ਮਗੁ ਨ ਜਾਣੈ ਅੰਧੇ ਠਉਰ ਨ ਕਾਈ॥ (੬੫)

- ਸਤਿਗੁਰ ਬਾਝੁ ਨ ਪਾਇਓ ਸਭ ਮੋਹੀ ਮਾਇਆ ਜਾਲਿ ਜੀਉ॥ (੭੧)

- ਸਤਿਗੁਰ ਬਾਝੁ ਨ ਪਾਇਓ ਸਭ ਥਕੀ ਕਰਮ ਕਮਾਇ ਜੀਉ॥ (੭੨)

- ਆਤਮ ਦੇਉ ਪੂਜੀਐ ਬਿਨੁ ਸਤਿਗੁਰ ਬੂਝ ਨ ਪਾਇ॥ (੮੮)

- ਬਿਨੁ ਗੁਰ ਨਾਮੁ ਨ ਪਾਇਆ ਜਾਇ॥ ਸਿਧ ਸਾਧਿਕ ਰਹੇ ਬਿਲਲਾਇ॥ (੧੧੫)

- ਗੁਰ ਸੇਵਾ ਤੇ ਹਰਿ ਨਾਮੁ ਪਾਇਆ ਬਿਨੁ ਸਤਿਗੁਰ ਕੋਇ ਨ ਪਾਵਣਿਆ॥ (੧੧੬)

- ਬਿਨੁ ਸਬਦੈ ਅੰਤਰਿ ਆਨੇਰਾ॥ ਨ ਵਸਤੁ ਲਹੈ ਨ ਚੁਕੈ ਫੇਰਾ ॥
  ਸਤਿਗੁਰ ਹਥਿ ਕੁੰਜੀ ਹੋਰਤੁ ਦਰੁ ਖੁਲੈ ਨਾਹੀ ਗੁਰੁ ਪੂਰੈ ਭਾਗਿ ਮਿਲਾਵਣਿਆ ॥ (੧੨੪)

- ਜਿਸ ਕਾ ਗ੍ਰਿਹੁ ਤਿਨਿ ਦੀਆ ਤਾਲਾ ਕੁੰਜੀ ਗੁਰ ਸਉਪਾਈ॥
ਅਨਿਕ ਉਪਾਵ ਕਰੇ ਨਹੀ ਪਾਵੈ ਬਿਨੁ ਸਤਿਗੁਰ ਸਰਣਾਈ॥ (੨੦੫)

- ਸਤਿਗੁਰ ਤੇ ਜੋ ਮੁਹੁ ਫੇਰੇ ਓਇ ਭ੍ਰਮਦੇ ਨਾ ਟਿਕੰਨਿ॥
ਧਰਤਿ ਅਸਮਾਨੁ ਨ ਝਲਈ ਵਿਚਿ ਵਿਸਟਾ ਪਏ ਪਚੰਨਿ॥ (੨੩੩)

- ਕਿਉ ਮਾਰਗੁ ਪਾਏ ਬਿਨੁ ਸਤਿਗੁਰ ਭਾਏ ਮਨਮੁਖਿ ਆਪੁ ਗਣਾਏ॥ (੨੪੭)

- ਬਿਨੁ ਸਤਿਗੁਰ ਸੋਝੀ ਨਾ ਪਵੈ ਅਹੰਕਾਰੁ ਨ ਵਿਚਹੁ ਜਾਇ॥
ਅਹੰਕਾਰੀਆ ਨੋ ਦੁਖ ਭੁਖ ਹੈ ਹਥੁ ਤਡਹਿ ਘਰਿ ਘਰਿ ਮੰਗਾਇ॥ (੩੦੩)

- ਮਨਮੁਖੁ ਅੰਧਾ ਆਵੈ ਜਾਇ॥ ਬਿਨੁ ਸਤਿਗੁਰ ਭੇਟੇ ਥਾਇ ਨ ਪਾਇ॥ (੩੧੪)

- ਬਿਨੁ ਸਤਿਗੁਰੁ ਭੇਟੇ ਸਭ ਫਿਰੈ ਅਹੰਕਾਰੀ॥ (੪੧੩)

- ਗੁਰ ਬਿਨੁ ਪੂਰਾ ਕੋਇ ਨ ਪਾਵੈ॥ (੪੧੪)

- ਗੁਰ ਬਿਨੁ ਕਿਨੈ ਨ ਪਾਇਓ ਕੇਤੀ ਕਹੈ ਕਹਾਏ॥ (੪੨੦)

- ਸਤਿਗੁਰ ਬਾਝਹੁ ਗੁਰੁ ਨਹੀ ਕੋਈ ਨਿਗੁਰੇ ਕਾ ਹੈ ਨਾਉ ਬੁਰਾ॥ (੪੩੫)

- ਬਿਨੁ ਸਤਿਗੁਰ ਕਿਨੈ ਨ ਪਾਇਓ ਬਿਨੁ ਸਤਿਗੁਰ ਕਿਨੈ ਨ ਪਾਇਆ॥ (੪੬੬)

- ਅਨਿਕ ਸੋਚ ਕਰਹਿ ਦਿਨ ਰਾਤੀ ਬਿਨੁ ਸਤਿਗੁਰ ਅੰਧਿਆਰੀ॥ (੪੯੫)

- ਸਤਿਗੁਰ ਸਿਉ ਚਿਤੁ ਨ ਲਾਇਓ ਨਾਮੁ ਨ ਵਸਿਓ ਮਨਿ ਆਇ॥ (੫੧੦)

- ਸਿਫਤਿ ਖਜਾਨਾ ਬਖਸ ਹੈ ਜਿਸੁ ਬਖਸੈ ਸੋ ਖਰਚੈ ਖਾਇ॥
ਸਤਿਗੁਰ ਬਿਨੁ ਹਥਿ ਨ ਆਵਈ ਸਭਿ ਥਕੇ ਕਰਮ ਕਮਾਇ॥ (੫੪੯)

- ਬਿਨੁ ਸਤਿਗੁਰ ਸੇਵੇ ਜੀਅ ਕੇ ਬੰਧਨਾ ਜੇਤੇ ਕਰਮ ਕਮਾਹਿ॥
ਬਿਨੁ ਸਤਿਗੁਰ ਸੇਵੇ ਠਵਰ ਨ ਪਾਵਹੀ ਮਰਿ ਜੰਮਹਿ ਆਵਹਿ ਜਾਹਿ ॥
ਬਿਨੁ ਸਤਿਗੁਰ ਸੇਵੇ ਫਿਕਾ ਬੋਲਣਾ ਨਾਮੁ ਨ ਵਸੈ ਮਨਿ ਆਇ ॥
ਨਾਨਕ ਬਿਨੁ ਸਤਿਗੁਰ ਸੇਵੇ ਜਮਪੁਰਿ ਬਧੇ ਮਾਰੀਅਹਿ ਮੁਹਿ ਕਾਲੈ ਉਠਿ ਜਾਹਿ॥ (੫੫੨)

- ਨਾਨਕ ਬਿਨੁ ਸਤਿਗੁਰ ਭੇਟੇ ਜਗੁ ਅੰਧੁ ਹੈ ਅੰਧੇ ਕਰਮ ਕਮਾਇ॥
ਸਬਦੈ ਸਿਉ ਚਿਤੁ ਨ ਲਾਵਈ ਜਿਤੁ ਸੁਖੁ ਵਸੈ ਮਨਿ ਆਇ॥ (੫੫੪)

- ਸਤਿਗੁਰੁ ਮਿਲੈ ਤ ਗੁਰਮਤਿ ਪਾਈਐ ਸਾਕਤ ਬਾਜੀ ਹਾਰੀ ਜੀਉ॥(੫੯੮)

- ਬਿਨੁ ਸਤਿਗੁਰ ਨਾਮੁ ਨ ਪਾਈਐ ਭਾਈ ਬਿਨੁ ਨਾਮੈ ਭਰਮੁ ਨ ਜਾਈ ॥ (੬੩੫)

- ਬਿਨੁ ਸਤਿਗੁਰ ਸੇਵੇ ਕਿਨੈ ਨ ਪਾਇਆ ਮਨਮੁਖਿ ਭਉਕਿ ਮੁਏ ਬਿਲਲਾਈ॥
  ਬਿਨੁ ਸਤਿਗੁਰ ਸੇਵੇ ਜਨਮੁ ਨ ਛੋਡੈ ਜੇ ਅਨੇਕ ਕਰਮ ਕਰੈ ਅਧਿਕਾਈ॥ (੬੩੮)

- ਬਿਨੁ ਸਤਿਗੁਰ ਨਾਉ ਨ ਪਾਈਐ ਬੁਝਹੁ ਕਰਿ ਵੀਚਾਰੁ॥ (੬੪੯)

- ਸਿਧ ਸਾਧਿਕ ਨਾਵੈ ਨੋ ਸਭਿ ਖੋਜਦੇ ਥਕਿ ਰਹੇ ਲਿਵ ਲਾਇ॥
  ਬਿਨੁ ਸਤਿਗੁਰ ਕਿਨੈ ਨ ਪਾਇਓ ਗੁਰਮੁਖਿ ਮਿਲੈ ਮਿਲਾਇ॥ (੬੫੦)

- ਗੁਰਮੁਖਿ ਸੇਵਕ ਭਾਇ ਹਰਿ ਧਨੁ ਮਿਲੈ ਤਿਥਹੁ ਕਰਮਹੀਣ ਲੈ ਨ
  ਸਕਹਿ ਹੋਰਥੈ ਦੇਸ ਦਿਸੰਤਰਿ ਹਰਿ ਧਨੁ ਨਾਹਿ॥ (੮੫੩)

- ਜਿ ਸਤਿਗੁਰ ਨੋ ਮਿਲਿ ਮੰਨੇ ਸੁ ਹਲਤਿ ਪਲਤਿ ਸਿਝੈ ਜਿ ਵੇਮੁਖੁ ਹੋਵੈ ਸੁ ਫਿਰੈ ਭਰਿਸਟ ਥਾਨੁ ॥ (੮੫੩)

- ਬਿਨੁ ਗੁਰ ਪੂਰੇ ਨਾਹੀ ਉਧਾਰੁ ॥ ਬਾਬਾ ਨਾਨਕੁ ਆਖੈ ਏਹੁ ਬੀਚਾਰੁ॥ (੮੮੬)

- ਗੁਰ ਸਰਣਿ ਨ ਆਈਐ ਬ੍ਰਹਮੁ ਨ ਪਾਈਐ ॥ ਭਰਮਿ ਭੁਲਾਈਐ ਜਨਮਿ ਮਰਿ ਆਈਐ॥ (੯੦੪)

- ਬਿਨੁ ਸਤਿਗੁਰ ਸੇਵੇ ਜੋਗੁ ਨ ਹੋਈ॥ ਬਿਨੁ ਸਤਿਗੁਰ ਭੇਟੇ ਮੁਕਤਿ ਨ ਕੋਈ॥
  ਬਿਨੁ ਸਤਿਗੁਰ ਭੇਟੇ ਨਾਮੁ ਪਾਇਆ ਨ ਜਾਇ॥ ਬਿਨੁ ਸਤਿਗੁਰ ਭੇਟੇ ਮਹਾ ਦੁਖੁ ਪਾਇ॥(੯੪੬)

- ਸਤਿਗੁਰੁ ਛੋਡਿ ਦੂਜੈ ਲਗੇ ਕਿਆ ਕਰਨਿ ਅਗੈ ਜਾਇ॥
  ਜਮ ਪੁਰਿ ਬਧੇ ਮਾਰੀਅਹਿ ਬਹੁਤੀ ਮਿਲੈ ਸਜਾਇ॥ (੯੯੪)

- ਗੁਰ ਦੁਆਰੈ ਨਾਉ ਪਾਈਐ ਬਿਨੁ ਸਤਿਗੁਰ ਪਲੈ ਨ ਪਾਇ॥ (੧੦੧੫)

- ਵਿਣੁ ਗੁਰ ਪੂਰੇ ਤਤੁ ਨ ਪਾਈਐ ਸਚ ਸੂਚੇ ਸਚੁ ਰਾਹਾ ਹੇ ॥ (੧੦੩੨)

- ਬਿਨੁ ਸਤਿਗੁਰ ਸੇਵੇ ਨਾਮੁ ਨ ਪਾਈਐ ਪੜਿ ਥਾਕੇ ਸਾਂਤਿ ਨ ਆਈ ਹੇ ॥(੧੦੪੬)

- ਬਿਨੁ ਸਤਿਗੁਰ ਕੋ ਨਾਉ ਨ ਪਾਏ ਪ੍ਰਭਿ ਐਸੀ ਬਣਤ ਬਣਾਈ ਹੇ ॥(੧੦੪੬)

- ਬਿਨੁ ਗੁਰ ਦਾਤੇ ਕੋਇ ਨ ਪਾਏ ॥ ਲਖ ਕੋਟੀ ਜੇ ਕਰਮ ਕਮਾਏ॥ (੧੦੫੭)

- ਸਤਿਗੁਰ ਤੇ ਵਿਛੁੜੇ ਤਿਨੀ ਦੁਖੁ ਪਾਇਆ॥ ਅਨਦਿਨੁ ਮਾਰੀਅਹਿ ਦੁਖੁ ਸਬਾਇਆ॥ (੧੦੬੩)

- ਬਿਨੁ ਸਤਿਗੁਰ ਜੋ ਦੂਜੈ ਲਾਗੇ॥ ਆਵਹਿ ਜਾਹਿ ਭ੍ਰਮਿ ਮਰਹਿ ਅਭਾਗੇ॥ (੧੦੬੯)

- ਨਾਨਕ ਵਿਣੁ ਸਤਿਗੁਰ ਮਤਿ ਭਵੀ ਸਤਿਗੁਰ ਨੋ ਮਿਲੈ ਤਾ ਸਬਦੁ ਕਮਾਇ॥ (੧੦੯੨)

- ਬਿਨੁ ਗੁਰ ਕਿਨੈ ਨ ਪਾਇਓ ਹਰਿ ਨਾਮੁ ਹਰਿ ਸਤੇ॥ (੧੦੯੩)

- ਕਹਤੁ ਨਾਨਕ ਇਹੁ ਜੀਉ ਕਰਮ ਬੰਧੁ ਹੋਈ॥ ਬਿਨੁ ਸਤਿਗੁਰ ਭੇਟੇ ਮੁਕਤਿ ਨ ਹੋਈ॥ (੧੧੨੮)

- ਜਿਨ ਐਸਾ ਸਤਿਗੁਰੁ ਸਾਧੁ ਨ ਪਾਇਆ ਤੇ ਹਰਿ ਦਰਗਹ ਕਾਢੇ ਮਾਰੀ॥ (੧੧੩੫)

- ਹੈ ਨਿਕਟੇ ਅਰੁ ਭੇਦੁ ਨ ਪਾਇਆ॥ ਬਿਨੁ ਸਤਿਗੁਰ ਸਭ ਮੋਹੀ ਮਾਇਆ॥ (੧੧੩੯)

- ਨਾਮ ਬਿਨਾ ਕਹਹੁ ਕੋ ਤਰਿਆ॥ ਬਿਨੁ ਸਤਿਗੁਰ ਕੈਸੇ ਪਾਰਿ ਪਰਿਆ॥ (੧੧੪੦)

- ਬਿਨੁ ਸਤਿਗੁਰ ਰੋਗੁ ਕਤਹਿ ਨ ਜਾਵੈ॥ (੧੧੪੧)

- ਬਿਨੁ ਸਤਿਗੁਰ ਦੀਸੈ ਬਿਲਲਾਂਤੀ ਸਾਕਤੁ ਫਿਰਿ ਫਿਰਿ ਆਵੈ ਜਾਵੈ॥ (੧੧੮੩)

- ਗੁਰ ਬਿਨੁ ਦਾਤਾ ਕੋਈ ਨਾਹੀ ਬਖਸੇ ਨਦਰਿ ਕਰੇਇ॥
  ਗੁਰ ਮਿਲਿਐ ਸਾਂਤਿ ਊਪਜੈ ਅਨਦਿਨੁ ਨਾਮੁ ਲਏਇ॥ (੧੨੫੮)

- ਸਤਿਗੁਰੁ ਦਾਤਾ ਰਾਮ ਨਾਮ ਕਾ ਹੋਰੁ ਦਾਤਾ ਕੋਈ ਨਾਹੀ॥ (੧੨੫੮)

- ਸਤਿਗੁਰ ਵਿਣੁ ਕਿਨੈ ਨ ਪਾਇਆ ਮਨਿ ਵੇਖਹੁ ਰਿਦੈ ਬੀਚਾਰਿ॥
  ਵਡਭਾਗੀ ਗੁਰੁ ਪਾਇਆ ਭਵਜਲੁ ਉਤਰੇ ਪਾਰਿ॥ (੧੨੭੬)

- ਬਿਨੁ ਸਤਿਗੁਰ ਬੰਧਨ ਨ ਤੁਟਹੀ ਨਾਮਿ ਨ ਲਗੈ ਪਿਆਰੁ॥ (੧੨੭੭)

- ਸਾਕਤ ਨਰ ਸਤਿਗੁਰੁ ਨਹੀ ਕੀਆ ਤੇ ਬੇਮੁਖ ਹਰਿ ਭਰਮਾਵੈਗੋ॥ (੧੩੧੧)

- ਭੂਖ ਪਿਆਸਾ ਜਗੁ ਭਇਆ ਤਿਪਤਿ ਨਹੀ ਬਿਨੁ ਸਤਿਗੁਰ ਪਾਏ॥ (੧੩੪੫)

- ਬਿਨੁ ਸਤਿਗੁਰ ਕਿਨੈ ਨ ਪਾਈ ਪਰਮਗਤੇ॥ (੧੩੪੮)

- ਨਾਨਕ ਬਿਨੁ ਸਤਿਗੁਰ ਨਾਉ ਨ ਪਾਈਐ ਜੇ ਸਉ ਲੋਚੈ ਕੋਈ॥ (੧੪੧੬)

- ਬਿਨੁ ਸਤਿਗੁਰ ਭਗਤਿ ਨ ਹੋਵਈ ਨਾਮਿ ਨ ਲਗੈ ਪਿਆਰੁ॥ (੧੪੧੭)

- ਨਾਨਕ ਵਿਣੁ ਸਤਿਗੁਰ ਸਚੁ ਨ ਪਾਈਐ ਮਨਮੁਖ ਭੂਲੇ ਜਾਂਹਿ॥ (੧੪੧੯)

- ਬਿਨੁ ਸਤਿਗੁਰ ਕਿਨੈ ਨ ਪਾਇਆ ਕਰਿ ਕਰਿ ਥਕੇ ਵੀਚਾਰ॥ (੧੪੨੦)

- ਬਿਨੁ ਸਤਿਗੁਰ ਦਾਤਾ ਕੋ ਨਹੀ ਜੋ ਹਰਿ ਨਾਮੁ ਦੇਇ ਆਧਾਰੁ॥ (੧੪੧੭)

- ਵਿਣੁ ਸਤਿਗੁਰ ਪਰਤੀਤਿ ਨ ਆਵਈ ਨਾਮਿ ਨ ਲਾਗੋ ਭਾਉ॥ (੬੫)

(੩) ਅੰਮ੍ਰਿਤ ਅਥਵਾ ਨਾਮ ਵਿਹੂਣੇ ਜੀਵਣ

(ੳ) ਨਾਮ ਵਿਹੂਨੜਿਆਂ ਦੀ ਜਮਪੁਰੀ ਵਿਖੇ ਖੁਆਰੀ

- ਜਿਨ ਹਰਿ ਹਰਿ ਹਰਿ ਰਸੁ ਨਾਮੁ ਨ ਪਾਇਆ ਤੇ ਭਾਗਹੀਣ ਜਮ ਪਾਸਿ॥ (੧੦)

- ਬਿਨੁ ਨਾਵੈ ਠਉਰੁ ਨ ਪਾਇਨੀ ਜਮਪੁਰਿ ਦੂਖ ਸਹਾਹਿ॥ (੩੬)

- ਮੇਰੇ ਮਨ ਨਾਮ ਬਿਨਾ ਜੋ ਦੂਜੈ ਲਾਗੇ ਤੇ ਸਾਕਤ ਨਰ ਜਮਿ ਘੁਟੀਐ॥ (੧੭੦)

- ਨਾਮੁ ਬਿਸਾਰਿ ਸਹਹਿ ਜਮ ਦੂਖ॥ (੨੨੬)

- ਨਾਮਹੁ ਭੂਲੈ ਜਮ ਕਾ ਦੁਖੁ ਸਹਨਾ॥(੨੨੭)

- ਹਰਿ ਕਾ ਨਾਮੁ ਜਿਨਿ ਮਨਿ ਨ ਆਰਾਧਾ॥ ਚੋਰ ਕੀ ਨਿਆਈ ਜਮ ਪੁਰਿ ਬਾਧਾ॥ (੨੪੦)

- ਹਰਿ ਨਾਮੁ ਨ ਪਾਇਆ ਜਨਮੁ ਬਿਰਥਾ ਗਵਾਇਆ ਨਾਨਕ ਜਮੁ ਮਾਰਿ ਕਰੇ ਖੁਆਰੁ॥ (੫੦੯)

- ਬਿਨੁ ਨਾਵੈ ਕੋ ਛੂਟੈ ਨਾਹੀ ਸਭ ਬਾਧੀ ਜਮਕਾਲਿ॥ (੫੬੯)

- ਨਾਨਕ ਬਿਨੁ ਨਾਵੈ ਜਮੁ ਮਾਰਸੀ ਅੰਤਿ ਗਇਆ ਪਛੁਤਾਇ॥ (੫੯੧)

- ਬਿਨੁ ਸਬਦੈ ਜਗੁ ਭੁਲਦਾ ਫਿਰਦਾ ਦਰਗਹ ਮਿਲੈ ਸਜਾਇ॥ (੬੦੦)

- ਹਰਿ ਹਰਿ ਕਦੇ ਨ ਚੇਤਿਓ ਜਮਿ ਪਕੜਿ ਚਲਾਈਆ॥ (੭੨੬)

- ਬਿਨੁ ਸਬਦੈ ਭੈ ਰਤਿਆ ਸਭ ਜੋਹੀ ਜਮਕਾਲਿ ਜੀਉ॥ (੭੫੧)

- ਵਿਣੁ ਨਾਵੈ ਦਰਿ ਢੋਈ ਨਾਹੀ ਤਾ ਜਮੁ ਕਰੇ ਖੁਆਰੀ॥ (੭੫੪)

- ਵਿਣੁ ਨਾਵੈ ਨਾਲਿ ਨ ਚਲਸੀ ਸਭ ਮੁਠੀ ਜਮਕਾਲਿ॥ (੭੫੬)

- ਹਰਿ ਨਾਮੁ ਨ ਭਾਇਆ ਬਿਰਥਾ ਜਨਮੁ ਗਵਾਇਆ ਨਾਨਕ ਜਮੁ ਮਾਰਿ ਕਰੇ ਖੁਆਰ॥ (੮੫੨)

- ਨਾਨਕ ਸਾਕਤ ਨਰਕ ਮਹਿ ਜਮਿ ਬਧੇ ਦੁਖ ਸਹੰਨ੍ਹਿ॥ (੮੫੪)

- ਜਿਨ ਹਰਿ ਹਰਿ ਨਾਮੁ ਨ ਚੇਤਿਓ ਸੇ ਭਾਗਹੀਣ ਮਰਿ ਜਾਇ॥
ਓਇ ਫਿਰਿ ਫਿਰਿ ਜੋਨਿ ਭਵਾਈਅਹਿ ਮਰਿ ਜੰਮਹਿ ਆਵੈ ਜਾਇ॥
ਓਇ ਜਮ ਦਰਿ ਬਧੇ ਮਾਰੀਅਹਿ ਹਰਿ ਦਰਗਹ ਮਿਲੈ ਸਜਾਇ॥ (੯੯੬)

- ਬਿਸਰਤ ਨਾਮ ਐਸੇ ਦੋਖ ਲਾਗਹਿ ਜਮੁ ਮਾਰਿ ਸਮਾਰੇ ਨਰਕਿ ਖਰੇ॥
ਨਾਮੁ ਬਿਸਾਰਿ ਲੋਭਿ ਮੂਲੁ ਖੋਇਓ ਸਿਰਿ ਧਰਮਰਾਇ ਕਾ ਡੰਡੁ ਪਰੇ॥ (੧੦੧੪)

- ਧਰਮਰਾਇ ਕੀ ਬਾਕੀ ਲੀਜੈ ਜਿਨਿ ਹਰਿ ਕਾ ਨਾਮੁ ਵਿਸਾਰਾ ਹੇ॥ (੧੦੨੯)

- ਕੂੜੁ ਕਲਰੁ ਤਨੁ ਭਸਮੈ ਢੇਰੀ॥ ਬਿਨੁ ਨਾਵੈ ਕੈਸੀ ਪਤਿ ਤੇਰੀ॥
ਬਾਧੇ ਮੁਕਤਿ ਨਾਹੀ ਜੁਗ ਚਾਰੇ ਜਮਕੰਕਰਿ ਕਾਲਿ ਪਰਾਤਾ ਹੇ॥ (੧੦੩੧)

- ਜਮ ਦਰਿ ਬਾਧੇ ਮਿਲਹਿ ਸਜਾਈ॥ ਤਿਸੁ ਅਪਰਾਧੀ ਗਤਿ ਨਹੀ ਕਾਈ॥
ਕਰੁਣਪਲਾਵ ਕਰੇ ਬਿਲਲਾਵੈ ਜਿਉ ਕੁੰਡੀ ਮੀਨੁ ਪਰਾਤਾ ਹੇ॥
ਸਾਕਤੁ ਫਾਸੀ ਪੜੈ ਇਕੇਲਾ॥ ਜਮ ਵਸਿ ਕੀਆ ਅੰਧੁ ਦੁਹੇਲਾ॥
ਰਾਮ ਨਾਮ ਬਿਨੁ ਮੁਕਤਿ ਨ ਸੂਝੈ ਆਜੁ ਕਾਲਿ ਪਚਿ ਜਾਤਾ ਹੇ॥ (੧੦੩੧)

- ਜਿਸੁ ਰਾਮ ਨਾਮੁ ਨਾਹੀ ਮਤਿ ਗੁਰਮਤਿ ਸੋ ਜਮ ਪੁਰਿ ਬੰਧਿ ਚਲਾਇਆ॥ (੧੦੪੧)

- ਵੇਦੁ ਪੜੈ ਅਨਦਿਨੁ ਵਾਦ ਸਮਾਲੇ॥ ਨਾਮੁ ਨ ਚੇਤੈ ਬਧਾ ਜਮਕਾਲੇ॥
ਦੂਜੈ ਭਾਇ ਸਦਾ ਦੁਖੁ ਪਾਏ ਤ੍ਰੈ ਗੁਣ ਭਰਮਿ ਭੁਲਾਇਦਾ॥ (੧੦੬੬)

- ਬਿਨੁ ਨਾਵੈ ਮਨਮੁਖ ਜਮ ਪੁਰਿ ਜਾਹਿ॥ ਅਉਖੇ ਹੋਵਹਿ ਚੋਟਾ ਖਾਹਿ॥ (੧੧੨੯)

- ਹਰਿ ਕੇ ਨਾਮ ਬਿਨੁ ਦਰਗਹ ਮਿਲੈ ਸਜਾਇ॥ (੧੧੫੫)

- ਜਿਨੀ ਨਾਮੁ ਵਿਸਾਰਿਆ ਬਹੁ ਕਰਮ ਕਮਾਵਹਿ ਹੋਰਿ॥
ਨਾਨਕ ਜਮਪੁਰਿ ਬਧੇ ਮਾਰੀਅਹਿ ਜਿਉ ਸੰਨ੍ਹੀ ਉਪਰਿ ਚੋਰ॥ (੧੨੪੭)

- ਬਿਨੁ ਨਾਵੈ ਜਮਡੰਡੁ ਸਹੈ ਮਰਿ ਜਨਮੈ ਵਾਰੋ ਵਾਰ॥ (੧੨੭੬)

- ਕਬੀਰ ਊਜਲ ਪਹਿਰਹਿ ਕਾਪਰੇ ਪਾਨ ਸੁਪਾਰੀ ਖਾਹਿ॥
ਏਕਸੁ ਹਰਿ ਕੇ ਨਾਮ ਬਿਨੁ ਬਾਧੇ ਜਮਪੁਰਿ ਜਾਂਹਿ॥ (੧੩੬੬)

- ਨਾਮਿ ਲਗੇ ਸੇ ਊਬਰੇ ਬਿਨੁ ਨਾਵੈ ਜਮ ਪੁਰਿ ਜਾਂਹਿ॥ (੧੪੧੫)

- ਕਹੁ ਨਾਨਕ ਬਿਨੁ ਹਰਿ ਭਜਨ ਪਰਤ ਤਾਹਿ ਜਮ ਫੰਧ॥ (੧੪੨੭)

- ਜਿਨੀ ਨਾਮੁ ਵਿਸਾਰਿਆ ਸੇ ਕਿਤੁ ਆਏ ਸੰਸਾਰਿ॥ ਆਗੈ ਪਾਛੈ ਸੁਖੁ ਨਹੀ ਗਾਡੇ ਲਾਦੇ ਛਾਰੁ॥
ਵਿਛੁੜਿਆ ਮੇਲਾ ਨਹੀ ਦੂਖੁ ਘਣੋ ਜਮ ਦੁਆਰਿ॥ (੧੦੧੦)

(ਅ) ਨਾਮ ਵਿਸਾਰੁਏ ਵਿਸਟਾ ਕੇ ਕੀੜੇ

- ਮਨਮੁਖ ਨਾਮੁ ਨ ਜਾਣਨੀ ਵਿਣੁ ਨਾਵੈ ਪਤਿ ਜਾਇ॥ ਸਬਦੈ ਸਾਦੁ ਨ ਆਇਓ ਲਾਗੇ ਦੂਜੈ ਭਾਇ॥
ਵਿਸਟਾ ਕੇ ਕੀੜੇ ਪਵਹਿ ਵਿਚਿ ਵਿਸਟਾ ਸੇ ਵਿਸਟਾ ਮਾਹਿ ਸਮਾਇ॥ (੨੯)

- ਬਿਨੁ ਸਿਮਰਨ ਧ੍ਰਿਗੁ ਕਰਮ ਕਰਾਸ॥ ਕਾਗ ਬਤਨ ਬਿਸਟਾ ਮਹਿ ਵਾਸ॥ (੨੩੯)

- ਬਿਨੁ ਨਾਵੈ ਸਭ ਨੀਚ ਜਾਤਿ ਹੈ ਬਿਸਟਾ ਕਾ ਕੀੜਾ ਹੋਇ॥ (੪੨੬)

- ਜਿਨੀ ਨਾਮੁ ਵਿਸਾਰਿਆ ਸੇ ਮੁਏ ਮਰਿ ਜਾਹਿ॥ ਹਰਿ ਰਸ ਸਾਦੁ ਨ ਆਇਓ ਬਿਸਟਾ ਮਾਹਿ ਸਮਾਹਿ॥ (੪੨੯)

- ਸਤਿਗੁਰੁ ਜਿਨਾ ਨ ਸੇਵਿਓ ਸਬਦਿ ਨ ਲਗੋ ਪਿਆਰੁ॥ ਸਹਜੇ ਨਾਮੁ ਨ ਧਿਆਇਆ ਕਿਤੁ ਆਇਆ ਸੰਸਾਰਿ॥
ਫਿਰਿ ਫਿਰਿ ਜੂਨੀ ਪਾਈਐ ਵਿਸਟਾ ਸਦਾ ਖੁਆਰੁ॥ (੫੧੨)

- ਗ੍ਰਿਹ ਰਚਨਾ ਅਪਾਰੰ ਮਨਿ ਬਿਲਾਸ ਸੁਆਦੰ ਰਸਹ॥
ਕਦਾਂਚ ਨਹ ਸਿਮਰੰਤਿ ਨਾਨਕ ਤੇ ਜੰਤ ਬਿਸਟਾ ਕ੍ਰਿਮਹ॥(੭੦੭)

- ਸੋ ਪ੍ਰਭੁ ਚਿਤਿ ਨ ਆਵਈ ਵਿਸਟਾ ਕੇ ਕੀਰੇ॥
ਬਿਨੁ ਹਰਿ ਨਾਮ ਨ ਸਾਂਤਿ ਹੋਇ ਕਿਤੁ ਬਿਧਿ ਮਨੁ ਧੀਰੇ॥ (੭੦੭)

- ਐਥੈ ਨਾਵਹੁ ਭੁਲਿਆ ਫਿਰਿ ਹਥੁ ਕਿਥਾਊ ਨ ਪਾਇ॥ ਜੋਨੀ ਸਭਿ ਭਵਾਈਅਨਿ ਬਿਸਟਾ ਮਾਹਿ ਸਮਾਇ॥(੯੯੪)

- ਬਿਨੁ ਨਾਵੈ ਧ੍ਰਿਗੁ ਜੀਵਦੇ ਵਿਚਿ ਬਿਸਟਾ ਮਨਮੁਖ ਰਾਖੁ॥ (੯੯੭)

- ਜਿਨ੍ਹੀ ਨਾਮੁ ਵਿਸਾਰਿਆ ਕਿਆ ਜਪੁ ਜਾਪਹਿ ਹੋਰਿ॥ਬਿਸਟਾ ਅੰਦਰਿ ਕੀਟ ਸੇ ਮੁਠੇ ਧੰਧੈ ਚੋਰਿ॥ (੧੨੪੭)

- ਨਾਮੁ ਵਿਸਾਰਿ ਬਿਖਿਆ ਮਨਿ ਰਾਤੇ ਬਿਰਥਾ ਜਨਮੁ ਗਵਾਏ॥
ਇਹ ਵੇਲਾ ਫਿਰਿ ਹਥਿ ਨ ਆਵੈ ਅਨਦਿਨੁ ਸਦਾ ਪਛੁਤਾਏ॥
ਮਰਿ ਮਰਿ ਜਨਮੈ ਕਦੇ ਨ ਬੂਝੈ ਵਿਸਟਾ ਮਾਹਿ ਸਮਾਏ॥ (੧੨੫੯)

- ਧ੍ਰਿਗੁ ਖਾਣਾ ਧ੍ਰਿਗੁ ਪੈਨ੍ਹਣਾ ਜਿਨ੍ਹਾ ਦੂਜੈ ਭਾਇ ਪਿਆਰੁ॥
ਬਿਸਟਾ ਕੇ ਕੀੜੇ ਬਿਸਟਾ ਰਾਤੇ ਮਰਿ ਜੰਮਹਿ ਹੋਹਿ ਖੁਆਰੁ॥ (੧੩੪੭)

- ਮਨਮੁਖ ਕੀ ਮਤਿ ਕੂੜਿ ਵਿਆਪੀ॥ਬਿਨੁ ਹਰਿ ਸਿਮਰਣ ਪਾਪਿ ਸੰਤਾਪੀ॥ (੩੫੬)

(ਏ) ਨਾਮ ਵਿਹੂਣਿਆਂ ਨੂੰ ਲਖ ਚਉਰਾਸੀਹ ਦੇ ਫੇਰ

- ਅੰਧੁਲੈ ਨਾਮੁ ਵਿਸਾਰਿਆ ਮਨਮੁਖਿ ਅੰਧ ਗੁਬਾਰੁ॥ ਆਵਣੁ ਜਾਣੁ ਨ ਚੁਕਈ ਮਰਿ ਜਨਮੈ ਹੋਇ ਖੁਆਰੁ॥ (੧੯)

- ਜਿਨਿ ਗੁਰਮੁਖਿ ਨਾਮੁ ਨ ਬੂਝਿਆ ਮਰਿ ਜਨਮੈ ਆਵੈ ਜਾਇ॥ (੧੯)

- ਜਿਨਿ ਹਰਿ ਹਰਿ ਨਾਮੁ ਨ ਚੇਤਿਓ ਸੁ ਅਉਗੁਣਿ ਆਵੈ ਜਾਇ॥ (੨੨)

- ਇਹੁ ਜਨਮੁ ਪਦਾਰਥੁ ਪਾਇ ਕੈ ਹਰਿ ਨਾਮੁ ਨ ਚੇਤੈ ਲਿਵ ਲਾਇ॥
  ਪਗਿ ਖਿਸਿਐ ਰਹਣਾ ਨਹੀ ਆਗੈ ਠਉਰੁ ਨ ਪਾਇ॥ (੨੮)

- ਬਿਨੁ ਸਬਦੈ ਜਗੁ ਭੂਲਾ ਫਿਰੈ ਮਰਿ ਜਨਮੈ ਵਾਰੋ ਵਾਰ॥ (੫੮)

- ਸਤਿਗੁਰੁ ਜਿਨੀ ਨ ਸੇਵਿਓ ਸਬਦਿ ਨ ਕੀਤੋ ਵੀਚਾਰੁ॥ ਅੰਤਰਿ ਗਿਆਨੁ ਨ ਆਇਓ ਮਿਰਤਕੁ ਹੈ ਸੰਸਾਰਿ॥
  ਲਖ ਚਉਰਾਸੀਹ ਫੇਰੁ ਪਇਆ ਮਰਿ ਜੰਮੈ ਹੋਇ ਖੁਆਰੁ॥ (੮੮)

- ਇਕਿ ਆਵਹਿ ਇਕਿ ਜਾਹਿ ਉਠਿ ਬਿਨੁ ਨਾਵੈ ਮਰਿ ਜਾਤੀ॥ (੧੩੮)

- ਬਿਨੁ ਨਾਵੈ ਬਾਧੀ ਸਭ ਕਾਲਿ॥ (੧੫੨)

- ਸੋਧਤ ਸੋਧਤ ਸੋਧਿ ਬੀਚਾਰਾ॥ ਬਿਨੁ ਹਰਿ ਭਜਨ ਨਹੀ ਛੁਟਕਾਰਾ॥ (੨੬੦)

- ਨਾਨਕ ਨਾਮਿ ਵਿਸਾਰਿਐ ਆਵਣੁ ਜਾਣਾ ਦੋਇ॥ (੧੨੪੮)

- ਨਾਮ ਬਿਹੂਨੜਿਆ ਸੇ ਮਰਨ੍ਹਿ ਵਿਸੂਰਿ ਵਿਸੂਰਿ॥ (੩੯੭)

- ਬਿਨਵੰਤ ਨਾਨਕੁ ਬਿਨੁ ਨਾਮ ਹਰਿ ਕੇ ਸਦਾ ਫਿਰਤ ਦੁਹੇਲੀ॥ (੫੪੬)

- ਜਿਉ ਆਰਣਿ ਲੋਹਾ ਪਾਇ ਭੰਨਿ ਘੜਾਈਐ॥ ਤਿਉ ਸਾਕਤੁ ਜੋਨੀ ਪਾਇ ਭਵੈ ਭਵਾਈਐ॥ (੭੫੨)

- ਨਾਮ ਹੀਨ ਧ੍ਰਿਗੁ ਜੀਵਤੇ ਤਿਨ ਵਡ ਦੂਖ ਸਹੰਮਾ॥
  ਓਇ ਫਿਰਿ ਫਿਰਿ ਜੋਨਿ ਭਵਾਈਅਹਿ ਮੰਦਭਾਗੀ ਮੂੜ ਅਕਰਮਾ॥ (੭੯੯)

- ਨਾਨਕ ਸਚੇ ਨਾਮ ਵਿਣੁ ਝੂਠਾ ਆਵਣ ਜਾਣੁ॥ (੯੩੬)

- ਹਰਿ ਨਾਮੁ ਕਦੇ ਨ ਚੇਤਿਓ ਫਿਰਿ ਆਵਣੁ ਜਾਣਾ ਹੋਇ॥ (੯੪੮)

- ਬਿਨੁ ਹਰਿ ਭਗਤੀ ਸੀਗਾਰੁ ਕਰਹਿ ਨਿਤ ਜੰਮਹਿ ਹੋਇ ਖੁਆਰੁ॥ (੯੫੦)

- ਨਾਮ ਬਿਨਾ ਨਾਹੀ ਦਰਿ ਢੋਈ ਝੂਠਾ ਆਵਣ ਜਾਣੁ॥ (੯੯੨)

- ਜਿਨ ਹਰਿ ਹਰਿ ਨਾਮੁ ਨ ਚੇਤਿਓ ਸੇ ਭਾਗਹੀਣ ਮਰਿ ਜਾਇ॥
ਓਇ ਫਿਰਿ ਫਿਰਿ ਜੋਨਿ ਭਵਾਈਅਹਿ ਮਰਿ ਜੰਮਹਿ ਆਵੈ ਜਾਇ॥ (੯੯੬)

- ਬਿਨੁ ਸਬਦੈ ਚੂਕੈ ਨਹੀ ਫੇਰੀ॥ (੧੦੫੨)

- ਨਾਮ ਵਿਹੂਣੇ ਭਰਮਸਹਿ ਆਵਹਿ ਜਾਵਹਿ ਨੀਤ॥ (੧੦੯੭)

- ਨਿਰਭਉ ਨਾਮੁ ਵਿਸਾਰਿਆ ਨਾਲਿ ਮਾਇਆ ਰਚਾ॥ ਆਵੈ ਜਾਇ ਭਵਾਈਐ ਬਹੁ ਜੋਨੀ ਨਚਾ॥ (੧੦੯੯)

- ਕਾਲੁ ਬਿਕਾਲੁ ਸਦਾ ਸਿਰਿ ਤੇਰੈ ਬਿਨੁ ਨਾਵੈ ਗਲਿ ਫੰਧਾ॥ (੧੧੨੬)

- ਨਾਮ ਬਿਨਾ ਭ੍ਰਮਿ ਆਵੈ ਜਾਈ॥ (੧੧੫੬)

- ਨਾਮ ਬਿਨਾ ਭ੍ਰਮਿ ਜੋਨੀ ਮੂਚਾ॥ (੧੧੫੬)

- ਨਾਮਹੁ ਭੂਲੇ ਮਰਹਿ ਬਿਖੁ ਖਾਇ॥ ਬ੍ਰਿਥਾ ਜਨਮੁ ਫਿਰਿ ਆਵਹਿ ਜਾਇ॥ (੧੧੭੫)

- ਨਾਮੁ ਬਿਸਾਰਿ ਚਲਹਿ ਅਨ ਮਾਰਗਿ ਨਰਕ ਘੋਰ ਮਹਿ ਪਾਹਿ॥
ਅਨਿਕ ਸਜਾਈਂ ਗਣਤ ਨ ਆਵੈ ਗਰਭੈ ਗਰਭਿ ਭ੍ਰਮਾਹਿ॥ (੧੨੨੫)

- ਨਾਨਕ ਨਾਮਿ ਵਿਸਾਰਿਐ ਆਵਣੁ ਜਾਣਾ ਦੋਇ॥ (੧੨੪੮)

- ਸਾਕਤ ਨਰ ਹੋਛੀ ਮਤਿ ਮਧਿਮ ਜਿਨ੍ ਹਰਿ ਹਰਿ ਸੇਵ ਨ ਕਰਾ॥
ਤੇ ਨਰ ਭਾਗਹੀਨ ਦੁਹਚਾਰੀ ਓਇ ਜਨਮਿ ਮੁਏ ਫਿਰਿ ਮਰਾ॥ (੭੯੯)

- ਨਾਮ ਬਿਨਾ ਸਭਿ ਫੀਕ ਫਿਕਾਨੇ ਜਨਮਿ ਮਰੈ ਫਿਰਿ ਆਵੈਗੋ॥ (੧੩੦੮)

- ਮਰਿ ਮਰਿ ਜਨਮੇ ਜਿਨ ਬਿਸਰਿਆ ਜੀਵਨ ਕਾ ਦਾਤਾ॥ (੮੧੯)

- ਨਾਮ ਬਿਨਾ ਫਿਰਿ ਆਵਣ ਜਾਣੁ॥ (੧੧੫੬)

- ਨਾਮੁ ਵਿਸਾਰਿ ਚਲਹਿ ਅਭਿਮਾਨੀ ਉਪਜੈ ਬਿਨਸਿ ਖਪਾਇਆ॥ (੧੦੪੧)

(ਸ) ਨਾਮੋਂ ਸੁੰਞੇ ਅਸਲੀ ਚੋਰ

- ਤੇ ਸਾਕਤ ਚੋਰ ਜਿਨਾ ਨਾਮੁ ਵਿਸਾਰਿਆ ਮਨ ਤਿਨ ਕੈ ਨਿਕਟਿ ਨ ਭਿਟੀਐ ॥ (੧੭੦)

- ਬਿਨੁ ਸੰਗਤੀ ਸਭਿ ਐਸੇ ਰਹਹਿ ਜੈਸੇ ਪਸੁ ਢੋਰ ॥ ਜਿਨ੍ ਕੀਤੇ ਤਿਸੈ ਨ ਜਾਣਨ੍ੀ ਬਿਨੁ ਨਾਵੈ ਸਭਿ ਚੋਰ॥(੪੨੭)

- ਗੁਰ ਸੇਵ ਨ ਭਾਈ ਸਿ ਚੋਰ ਚੋਰ॥ (੧੧੭੦)

- ਤੇ ਤਸਕਰ ਜੋ ਨਾਮੁ ਨ ਲੇਵਹਿ ਵਾਸਹਿ ਕੋਟਿ ਪੰਚਾਸਾ॥ (੧੩੨੮)

- ਚਿਟੇ ਜਿਨ ਕੇ ਕਪੜੇ ਮੈਲੇ ਚਿਤ ਕਠੋਰ ਜੀਉ॥ਤਿਨ ਮੁਖਿ ਨਾਮੁ ਨ ਊਪਜੈ ਦੂਜੈ ਵਿਆਪੇ ਚੋਰ ਜੀਉ॥ (੭੫੧)

- ਨਾਮੁ ਦੁਰਾਇ ਚਲੈ ਸੋ ਚੋਰੁ॥ (੧੧੮੭)

- ਧ੍ਰਿਗੁ ਧ੍ਰਿਗੁ ਨਰ ਨਿੰਦਕ ਜਿਨ ਜਨ ਨਹੀ ਭਾਏ ਹਰਿ ਕੇ ਸਖਾ ਸਖਾਇ॥
  ਸੇ ਹਰਿ ਕੇ ਚੋਰ ਵੇਮੁਖ ਮੁਖ ਕਾਲੇ ਜਿਨ ਗੁਰ ਕੀ ਪੈਜ ਨ ਭਾਇ॥ (੮੮੧)

(ਹ) ਨਾਮ ਬਿਨਾ ਜੀਵਨ ਬ੍ਰਿਥਾ ਤੇ ਦੁਖ ਰੂਪ

- ਹਰਿ ਬਿਨੁ ਜੀਉ ਜਲਿ ਬਲਿ ਜਾਉ॥ (੧੪)

- ਬਿਨੁ ਸੰਗਤਿ ਸਾਧ ਨ ਧ੍ਰਾਪੀਆ ਬਿਨੁ ਨਾਵੈ ਦੂਖ ਸੰਤਾਪੁ॥ (੨੦)

- ਬਿਨੁ ਨਾਵੈ ਜੀਵਣੁ ਨਾ ਥੀਐ ਮੇਰੇ ਸਤਿਗੁਰ ਨਾਮੁ ਦ੍ਰਿੜਾਇ॥ (੪੦)

- ਬਿਨੁ ਹਰਿ ਨਾਮ ਨ ਸੁਖੁ ਹੋਇ ਕਰਿ ਡਿਠੇ ਬਿਸਥਾਰ ॥ (੪੮)

- ਬਿਨੁ ਨਾਵੈ ਦੁਖੁ ਦੇਹੁਰੀ ਜਿਉ ਕਲਰ ਕੀ ਭੀਤਿ॥ (੫੮)

- ਬਿਨੁ ਸਬਦੈ ਜਗੁ ਦੁਖੀਆ ਫਿਰੈ ਮਨਮੁਖਾ ਨੋ ਗਈ ਖਾਇ॥ (੬੭)

- ਹਰਿ ਕਾ ਨਾਮੁ ਨ ਚੇਤੈ ਪ੍ਰਾਣੀ ਬਿਕਲੁ ਭਇਆ ਸੰਗਿ ਮਾਇਆ॥
  ਧਨ ਸਿਉ ਰਤਾ ਜੋਬਨਿ ਮਤਾ ਅਹਿਲਾ ਜਨਮੁ ਗਵਾਇਆ॥ (੭੫)

- ਨਾਮ ਬਿਹੂਨਾ ਤਨੁ ਮਨੁ ਹੀਨਾ ਜਲ ਬਿਨੁ ਮਛੁਲੀ ਜਿਉ ਮਰੈ॥ (੮੦)

- ਨਾਨਕ ਬਿਨੁ ਨਾਵੈ ਸਭੁ ਦੁਖੁ ਸੁਖੁ ਵਿਸਾਰਿਆ॥ (੮੬)

- ਅਨਦਿਨੁ ਸਦਾ ਫਿਰੈ ਭ੍ਰਮਿ ਭੂਲਾ ਬਿਨੁ ਨਾਵੈ ਦੁਖੁ ਪਾਵਣਿਆ॥ (੧੧੧)

- ਬਿਰਥਾ ਜਨਮੁ ਗਵਾਇਆ ਕਪਟੀ ਬਿਨੁ ਸਬਦੈ ਦੁਖੁ ਪਾਵਣਿਆ॥ (੧੨੩)

- ਮਨਮੁਖਿ ਨਾਮੁ ਚਿਤਿ ਨ ਆਵੈ ਬਿਨੁ ਨਾਵੈ ਬਹੁ ਦੁਖੁ ਪਾਵਣਿਆ॥ (੧੨੯)

- ਬਾਝੁ ਗੁਰੂ ਸਭ ਭਰਮਿ ਭੁਲਾਈ॥ ਬਿਨੁ ਨਾਵੈ ਬਹੁਤਾ ਦੁਖੁ ਪਾਈ॥ (੧੫੮)

- ਬਿਨੁ ਬੂਝੇ ਤਨੁ ਮਨੁ ਫੀਕਾ ਹੋਇ॥ ਬਿਨੁ ਨਾਵੈ ਦੁਖੀਆ ਚਲਿਆ ਰੋਇ॥ (੧੫੮)

- ਦੂਖੁ ਰੋਗੁ ਸੋਗੁ ਬਿਸਰੈ ਜਬ ਨਾਮੁ॥ (੧੮੬)

- ਨਿਹਫਲੁ ਮਾਨੁਖੁ ਜਪੈ ਨਹੀ ਨਾਮ॥ (੧੯੦)

- ਨਾਮ ਬਿਨਾ ਕੈਸੇ ਸੁਖੁ ਲਹੀਐ॥ (੨੦੦)

- ਬਿਨੁ ਨਾਵੈ ਸਭਿ ਦੂਖ ਨਿਵਾਸੁ॥ ਮਨਮੁਖ ਮੂੜ ਮਾਇਆ ਚਿਤ ਵਾਸੁ॥ (੨੨੨)

- ਬਿਨੁ ਹਰਿ ਨਾਮ ਸੁ ਦੇਹ ਦੁਖਾਲੀ॥ (੨੨੫)

- ਨਾਨਕ ਸਚੇ ਨਾਮ ਬਿਨੁ ਕਿਸੈ ਨ ਲਥੋ ਦੁਖੁ॥ (੩੧੯)

- ਨਾਨਕ ਨਾਇ ਵਿਸਾਰਿਐ ਸੁਖੁ ਕਿਨੇਹਾ ਹੋਇ॥ (੩੨੦)

- ਡਿਠਾ ਸਭੁ ਸੰਸਾਰੁ ਸੁਖੁ ਨ ਨਾਮ ਬਿਨੁ॥ (੩੨੨)

- ਵਿਣੁ ਨਾਵੈ ਦੁਖੁ ਦਰਦੁ ਸਰੀਰਿ॥ (੩੬੧)

- ਬਿਨੁ ਸਬਦੈ ਬਿਰਥਾ ਜਨਮੁ ਗਵਾਇਆ॥ (੩੬੨)

- ਨਾਮ ਵਿਹੂਣ ਗਰਭ ਗਲਿ ਜਾਇ॥ਬਿਰਥਾ ਜਨਮੁ ਦੂਜੈ ਲੋਭਾਇ॥
  ਨਾਮ ਬਿਹੂਣੀ ਦੁਖਿ ਜਲੈ ਸਬਾਈ॥ਸਤਿਗੁਰਿ ਪੂਰੈ ਬੂਝ ਬੁਝਾਈ॥ (੩੬੨)

- ਬਿਰਥਾ ਜਨਮੁ ਤਿਨਾ ਜਿਨ੍ਹੀ ਨਾਮੁ ਵਿਸਾਰਿਆ॥ਜੂਐ ਖੇਲਣੁ ਜਗਿ ਕਿ ਇਹੁ ਮਨੁ ਹਾਰਿਆ॥ (੩੬੯)

- ਬਿਨੁ ਨਾਵੈ ਸਭੁ ਦੁਖੁ ਹੈ ਸੁਖੁ ਤਿਸੁ ਜਿਸੁ ਮੰਨਿ ਵਸਾਏ॥ (੪੨੭)

- ਬਿਨੁ ਨਾਵੈ ਦੁਖੁ ਪਾਇਸੀ ਨਾਮੁ ਮਿਲੈ ਤਿਸੈ ਰਜਾਇ॥ (੪੨੯)

- ਅਨ ਰਸ ਮਹਿ ਭੋਲਾਇਆ ਬਿਨੁ ਨਾਮੈ ਦੁਖ ਪਾਇ॥
  ਬਿਨੁ ਨਾਵੈ ਸੁਖੁ ਨ ਪਾਈਐ ਨਾ ਦੁਖੁ ਵਿਚਹੁ ਜਾਇ॥(੪੩੦)

- ਇਹੁ ਮਾਣਸ ਜਨਮੁ ਦੁਲੰਭੁ ਹੈ ਨਾਮ ਬਿਨਾ ਬਿਰਥਾ ਸਭੁ ਜਾਏ॥ (੪੫੦)

- ਮਾਣਸ ਜਨਮੁ ਪੁੰਨਿ ਕਰਿ ਪਾਇਆ ਬਿਨੁ ਨਾਵੈ ਧ੍ਰਿਗੁ ਧ੍ਰਿਗੁ ਬਿਰਥਾ ਜਾਈ॥ (੪੯੩)

- ਬਿਨੁ ਹਰਿ ਨਾਮ ਬ੍ਰਿਥਾ ਜਗਿ ਜੀਵਨੁ ਹਰਿ ਬਿਨੁ ਨਿਹਫਲ ਮੇਕ ਘਰੀ॥ (੫੦੫)

- ਹਰਿ ਨਾਮੁ ਨ ਪਾਇਆ ਜਨਮੁ ਬਿਰਥਾ ਗਵਾਇਆ ਨਾਨਕ ਜਮੁ ਮਾਰਿ ਕਰੇ ਖੁਆਰ॥ (੫੦੯)

- ਬਿਲਲਾਹਿ ਕੇਤੇ ਮਹਾ ਮੋਹਨ ਬਿਨੁ ਨਾਮ ਹਰਿ ਕੇ ਸੁਖੁ ਨਹੀ॥ (੫੪੮)

- ਮਨਮੁਖ ਮੁਗਧੁ ਹਰਿ ਨਾਮੁ ਨ ਚੇਤੈ ਬਿਰਥਾ ਜਨਮੁ ਗਵਾਇਆ॥ (੬੦੦)

- ਨਾਨਕ ਨਾਮ ਵਿਹੂਣੇ ਮਨਮੁਖੀ ਜਾਸਨਿ ਜਨਮੁ ਗਵਾਇ॥ (੬੫੦)

- ਜਾ ਮੈ ਭਜਨੁ ਰਾਮ ਕੋ ਨਾਹੀ॥ਤਿਹ ਨਰਿ ਜਨਮੁ ਅਕਾਰਥੁ ਖੋਇਆ ਯਹ ਰਾਖਹੁ ਮਨ ਮਾਹੀ ॥(੯੩੧)

- ਧ੍ਰਿਗੁ ਏਹ ਆਸਾ ਦੂਜੇ ਭਾਵ ਕੀ ਜੋ ਮੋਹਿ ਮਾਇਆ ਚਿਤੁ ਲਾਏ॥
  ਹਰਿ ਸੁਖੁ ਪਲ੍ਰਿ ਤਿਆਗਿਆ ਨਾਮੁ ਵਿਸਾਰਿ ਦੁਖੁ ਪਾਏ॥ (੮੫੦)

- ਬਿਨੁ ਨਾਵੈ ਸਭ ਭੂਲੀ ਫਿਰਦੀ ਬਿਰਥਾ ਜਨਮੁ ਗਵਾਈ॥ (੯੦੯)

- ਬਿਨੁ ਗੁਰ ਸਬਦੈ ਜਲਿ ਬਲਿ ਤਾਤਾ॥ (੯੪੫)

- ਜਿਨ ਕੈ ਨਾਮੁ ਨ ਮਨਿ ਵਸੈ ਸੇ ਬਾਧੇ ਦੂਖ ਸਹਾਇ॥ (੧੦੧੦)

- ਗੁਰਮੁਖਿ ਜਿਨੀ ਨਾਮੁ ਨ ਪਾਇਆ॥ਮਨਮੁਖਿ ਬਿਰਥਾ ਜਨਮੁ ਗਵਾਇਆ॥ (੧੦੧੬)

- ਨਾਮ ਬਿਨਾ ਕਿਛੁ ਸਾਦਿ ਨ ਲਾਗੈ ਹਰਿ ਬਿਸਰਿਐ ਦੁਖੁ ਪਾਈ ਹੇ॥ (੧੦੨੪)

- ਨਾਮੁ ਵਿਸਾਰਿ ਦੋਖ ਦੁਖ ਸਹੀਐ॥ (੧੦੨੮)

- ਬਿਨੁ ਨਾਵੈ ਸਭ ਦੁਖੁ ਸੰਸਾਰਾ॥ਬਹੁ ਕਰਮ ਕਮਾਵਹਿ ਵਧਹਿ ਵਿਕਾਰਾ॥
  ਨਾਮੁ ਨ ਸੇਵਹਿ ਕਿਉ ਸੁਖੁ ਪਾਈਐ ਬਿਨੁ ਨਾਵੈ ਦੁਖੁ ਪਾਇਦਾ॥ (੧੦੬੨)

- ਨਾਮੁ ਵਿਸਾਰਿ ਮਨਿ ਤਨਿ ਦੁਖੁ ਪਾਇਆ॥ਮਾਇਆ ਮੋਹੁ ਸਭੁ ਰੋਗੁ ਕਮਾਇਆ॥ (੧੦੬੪)

- ਨਾਗੋ ਆਇਆ ਨਾਗੋ ਜਾਸੀ ਵਿਣੁ ਨਾਵੈ ਦੁਖੁ ਪਾਇਦਾ॥ (੧੦੬੪)

- ਧੰਧੈ ਧਾਵਤੁ ਜਨਮੁ ਗਵਾਇਆ ਬਿਨੁ ਨਾਵੈ ਦੁਖੁ ਪਾਇਆ॥ (੧੦੬੭)

- ਸਾਚ ਸਬਦ ਬਿਨੁ ਕਬਹੁ ਨ ਛੂਟਸਿ ਬਿਰਥਾ ਜਨਮੁ ਭਇਓ॥ (੧੧੨੬)

- ਰਾਮ ਨਾਮ ਬਿਨੁ ਬਿਰਥੇ ਜਗਿ ਜਨਮਾ॥ (੧੧੨੭)

- ਨਾਮਹੁ ਭੂਲੇ ਜਨਮੁ ਗਵਾਏ॥ (੧੧੭੪)

- ਬਿਨੁ ਸਿਮਰਨ ਕੋਟਿ ਬਰਖ ਜੀਵੈ ਸਗਲੀ ਅਉਧ ਬ੍ਰਿਥਾਨਦ॥ (੧੨੦੪)

- ਨਾਮੁ ਵਿਸਾਰਿ ਲਗਹਿ ਅਨ ਲਾਲਚਿ ਬਿਰਥਾ ਜਨਮੁ ਪਰਾਣੀ॥ (੧੨੧੯)

- ਬਿਨੁ ਹਰਿ ਭਜਨ ਜੇਤੇ ਕਾਮ ਕਰੀਅਹਿ ਤੇਤੇ ਬਿਰਥੇ ਜਾਂਹਿ॥ (੧੨੨੨)

- ਨਾਨਕ ਨਾਮੁ ਨ ਚੇਤਈ ਜੂਐ ਬਾਜੀ ਹਾਰੀ॥ (੧੨੪੩)

- ਬਿਨੁ ਸਬਦੈ ਕਿਨੈ ਨ ਪਾਇਓ ਦੁਖੀਏ ਚਲੇ ਰੋਇ॥ (੧੨੫੦)

- ਨਾਮਹੀਣੁ ਬਿਨਸੈ ਦੁਖੁ ਪਾਇ॥ ਤ੍ਰਿਸਨਾ ਜਲਿਆ ਭੂਖ ਨ ਜਾਇ॥ (੧੨੬੨)

- ਵਿਣੁ ਨਾਵੈ ਕੂੜਿਆਰੁ ਅਉਖਾ ਤੰਗੀਐ॥ (੧੨੮੮)

- ਜਿਨ ਹਰਿ ਹਰਿ ਨਾਮੁ ਨ ਚੇਤਿਓ ਤਿਨ ਜੂਐ ਜਨਮੁ ਸਭੁ ਹਾਰਿ॥ (੧੩੧੪)

- ਨਾਨਕ ਬਿਨੁ ਨਾਵੈ ਮੈਲਿਆ ਮੁਏ ਜਨਮੁ ਪਦਾਰਥੁ ਖੋਇ॥ (੧੪੧੫)

- ਮਨਮੁਖੁ ਮੁਆ ਅਪੁਨਾ ਜਨਮੁ ਖੋਇ॥ (੧੪੧੮)

- ਬਿਨੁ ਨਾਵੈ ਸਭੁ ਦੁਖੁ ਹੈ ਦੁਖਦਾਈ ਮੋਹ ਮਾਇ॥ (੧੪੨੩)

- ਕਹੁ ਨਾਨਕ ਬਿਨੁ ਹਰਿ ਭਜਨ ਬਿਰਥਾ ਜਨਮੁ ਸਿਰਾਨ॥ (੧੪੨੭)

- ਵਿਣੁ ਨਾਵੈ ਨਾਲਿ ਨ ਚਲਸੀ ਜਾਸੀ ਜਨਮੁ ਗਵਾਇ॥ (੧੨੮੨)

- ਕਹੁ ਨਾਨਕ ਬਿਨੁ ਹਰਿ ਭਜਨ ਜੀਵਨ ਕਉਨੇ ਕਾਮ॥ (੧੪੨੮)

- ਬਿਨੁ ਨਾਵੈ ਜੀਉ ਜਲਿ ਬਲਿ ਜਾਈ॥ (੯੦੬)

- ਸਾਕਤ ਮਾਇਆ ਕਉ ਬਹੁ ਧਾਵਹਿ॥ ਨਾਮੁ ਵਿਸਾਰਿ ਕਹਾ ਸੁਖੁ ਪਾਵਹਿ॥
  ਤ੍ਰਿਹੁ ਗੁਣ ਅੰਤਰਿ ਖਪਹਿ ਖਪਾਵਹਿ ਨਾਹੀ ਪਾਰਿ ਉਤਾਰਾ ਹੇ॥ (੧੦੨੯)

- ਰਾਮ ਨਾਮ ਬਿਨੁ ਦੂਖੁ ਸਹੀਜੈ॥ (੯੦੫)

- ਮਨਮੁਖ ਧਾਤੁ ਦੂਜੈ ਹੈ ਲਾਗਾ॥ ਜਨਮਤ ਕੀ ਨ ਮੂਓ ਆਭਾਗਾ॥
  ਆਵਤ ਜਾਤ ਬਿਰਥਾ ਜਨਮੁ ਗਵਾਇਆ ਬਿਨੁ ਗੁਰ ਮੁਕਤਿ ਨ ਹੋਈ ਹੇ॥ (੧੦੪੫)

– ਕੋਟਿ ਬਿਘਨ ਤਿਸੁ ਲਾਗਤੇ ਜਿਸ ਨੋ ਵਿਸਰੈ ਨਾਉ॥ ਨਾਨਕ ਅਨਦਿਨੁ ਬਿਲਪਤੇ ਜਿਉ ਸੁੰਞੈ ਘਰਿ ਕਾਉ॥(੫੨੨)

(ਕ) ਨਾਮ ਬਿਨਾ ਕਮਲਾ ਤੇ ਬਉਰਾ

– ਬਿਨੁ ਨਾਵੈ ਸਭ ਫਿਰੈ ਬਉਰਾਣੀ॥ (੪੨੪)

– ਨਾਮ ਬਿਨਾ ਸਭੁ ਜਗੁ ਬਉਰਾਨਾ ਸਬਦੇ ਹਉਮੈ ਮਾਰੀ॥ (੫੬੮)

– ਬਿਨੁ ਨਾਵੈ ਜਗੁ ਕਮਲਾ ਫਿਰੈ ਗੁਰਮੁਖਿ ਨਦਰੀ ਆਇਆ॥ (੬੪੩)

– ਬਿਨੁ ਸਬਦੈ ਸਭੁ ਜਗੁ ਬਉਰਾਨਾ ਬਿਰਥਾ ਜਨਮੁ ਗਵਾਇਆ॥ (੬੪੪)

– ਵਿਣੁ ਨਾਵੈ ਸਭੁ ਜਗੁ ਬਉਰਾਇਆ ਨਾਮੁ ਮਿਲੈ ਸੁਖੁ ਪਾਈਐ॥ (੩੮੨)

– ਨਾਮ ਬਿਨਾ ਸਭੁ ਜਗੁ ਬਉਰਾਨਾ॥ (੧੧੪੦)

– ਬਹੁ ਬਿਧਿ ਕਰਮ ਕਰਹਿ ਭਾਇ ਦੂਜੈ ਬਿਨੁ ਸਬਦੈ ਬਉਰਾਨਿਆ॥ (੧੨੩੪)

(ਖ) ਨਾਮੋ ਹੀਣਿਆ ਦਾ ਨਰਕਾਂ ਵਿਖੇ ਵਾਸਾ॥

– ਨਾਮ ਸੰਗਿ ਮਨਿ ਪ੍ਰੀਤਿ ਨ ਲਾਵੈ॥ ਕੋਟਿ ਕਰਮ ਕਰਤੋ ਨਰਕਿ ਜਾਵੈ॥ (੨੪੦)

– ਨਾਨਕ ਨਾਮਿ ਬਿਸਾਰਿਐ ਨਰਕ ਸੁਰਗ ਅਵਤਾਰ॥ (੨੯੮)

– ਪ੍ਰਭੂ ਛੋਡਿ ਅਨ ਲਾਗੈ ਨਰਕਿ ਸਮੰਜੀਐ॥ (੭੦੮)

– ਬਿਨੁ ਗੁਰ ਸਬਦ ਨ ਗਤਿ ਪਤਿ ਪਾਵਹਿ ਰਾਮ ਨਾਮ ਬਿਨੁ ਨਰਕਿ ਗਇਆ॥ (੯੦੬)

– ਵਿਣੁ ਨਾਵੈ ਕਿਉ ਛੁਟੀਐ ਜਾਇ ਰਸਾਤਲਿ ਅੰਤਿ॥ (੯੩੪)

– ਬਿਸਰਤ ਨਾਮ ਐਸੇ ਦੋਖ ਲਾਗਹਿ ਜਮੁ ਮਾਰਿ ਸਮਾਰੇ ਨਰਕਿ ਖਰੇ॥ (੧੦੧੪)

– ਚਉਰਾਸੀਹ ਨਰਕ ਸਾਕਤੁ ਭੋਗਾਈਐ॥ ਜੈਸਾ ਕੀਚੈ ਤੈਸੋ ਪਾਈਐ॥ (੧੦੨੮)

– ਪ੍ਰੇਤ ਪਿੰਜਰ ਮਹਿ ਦੂਖ ਘਨੇਰੇ॥ ਨਰਕਿ ਪਚਹਿ ਅਗਿਆਨ ਅੰਧੇਰੇ॥
ਧਰਮਰਾਇ ਕੀ ਬਾਕੀ ਲੀਜੈ ਜਿਨਿ ਹਰਿ ਕਾ ਨਾਮੁ ਵਿਸਾਰਾ ਹੇ॥ (੧੦੨੯)

– ਸਾਕਤ ਕੂੜ ਕਪਟ ਮਹਿ ਟੇਕਾ॥ਅਹਿਨਿਸਿ ਨਿੰਦਾ ਕਰਹਿ ਅਨੇਕਾ॥
ਬਿਨੁ ਸਿਮਰਨ ਆਵਹਿ ਫੁਨਿ ਜਾਵਹਿ ਗ੍ਰਭ ਜੋਨੀ ਨਰਕ ਮਝਾਰਾ ਹੇ॥ (੧੦੩੦)

- ਬਿਨੁ ਨਾਵੈ ਮਨੁ ਤਨੁ ਹੈ ਕੁਸਟੀ ਨਰਕੇ ਵਾਸਾ ਪਾਇਦਾ॥ (੧੦੬੪)

- ਬਿਨੁ ਹਰਿ ਨਾਮ ਨ ਛੂਟਸੀ ਮਰਿ ਨਰਕ ਸਮਾਏ॥ (੪੨੦)

(ਗ) ਨਾਮੋ ਸਖਣਿਆਂ ਦੇ ਅਨਿਕ ਪ੍ਰਕਾਰੀ ਕਰਮ ਸਭ ਭੁਲੇਖੇ

- ਅਵਰਿ ਕਾਜ ਤੇਰੈ ਕਿਤੈ ਨ ਕਾਮਿ॥ ਮਿਲੁ ਸਾਧਸੰਗਤਿ ਭਜੁ ਕੇਵਲ ਨਾਮ॥ (੧੨)

- ਜਿਨੀ ਨਾਮੁ ਵਿਸਾਰਿਆ ਦੂਜੀ ਕਾਰੈ ਲਗਿ॥ਦੁਬਿਧਾ ਲਾਗੇ ਪਚਿ ਮੁਏ ਅੰਤਰਿ ਤ੍ਰਿਸਨਾ ਅਗਿ॥ (੧੯)

- ਜਪੁ ਤਪੁ ਸੰਜਮੁ ਮਨੈ ਮਾਹਿ ਬਿਨੁ ਨਾਵੈ ਧ੍ਰਿਗੁ ਜੀਵਾਸੁ॥ (੮੬)

- ਨਾਨਕ ਸਚੇ ਨਾਮ ਵਿਣੁ ਸਭੇ ਟੋਲ ਵਿਣਾਸੁ॥ (੧੪੨)

- ਕਰਮ ਕਾਂਡ ਬਹੁ ਕਰਹਿ ਅਚਾਰ॥ਬਿਨੁ ਨਾਵੈ ਧ੍ਰਿਗੁ ਧ੍ਰਿਗੁ ਅਹੰਕਾਰ॥ (੧੬੨)

- ਨਾਮੁ ਬਿਸਾਰਿ ਲਗੈ ਅਨ ਸੁਆਇ॥ ਤਾ ਕੀ ਆਸ ਨ ਪੂਜੈ ਕਾਇ॥ (੧੮੨)

- ਹਠੁ ਕਰਿ ਮਰੈ ਨ ਲੇਖੈ ਪਾਵੈ॥ ਵੇਸ ਕਰੈ ਬਹੁ ਭਸਮ ਲਗਾਵੈ॥ ਨਾਮੁ ਬਿਸਾਰਿ ਬਹੁਰਿ ਪਛੁਤਾਵੈ॥ (੨੨੬)

- ਨਾਮ ਬਿਨਾ ਜੇਤਾ ਬਿਉਹਾਰੁ॥ ਜਿਉ ਮਿਰਤਕ ਮਿਥਿਆ ਸੀਗਾਰੁ॥ (੨੪੦)

- ਨਾਮੁ ਤਿਆਗਿ ਕਰੇ ਅਨ ਕਾਜ॥ ਬਿਨਸਿ ਜਾਇ ਝੂਠੇ ਸਭਿ ਪਾਜ॥ (੨੪੦)

- ਨਾਮ ਸੰਗਿ ਮਨਿ ਪ੍ਰੀਤਿ ਨ ਲਾਵੈ॥ ਕੋਟਿ ਕਰਮ ਕਰਤੋ ਨਰਕਿ ਜਾਵੈ॥ (੨੪੦)

- ਲਾਖ ਅਡੰਬਰ ਬਹੁਤੁ ਬਿਸਥਾਰਾ॥ ਨਾਮ ਬਿਨਾ ਝੂਠੇ ਪਾਸਾਰਾ॥ (੨੪੦)

- ਨਾਮ ਬਿਹੂਨੇ ਨਾਨਕਾ ਹੋਤ ਜਾਤ ਸਭੁ ਧੂਰ॥ (੨੫੧)

- ਹਉ ਹਉ ਕਰਤੇ ਕਰਮ ਰਤ ਤਾ ਕੋ ਭਾਰੁ ਅਫਾਰ॥
  ਪ੍ਰੀਤਿ ਨਹੀ ਜਉ ਨਾਮ ਸਿਉ ਤਉ ਏਊ ਕਰਮ ਬਿਕਾਰ॥ (੨੫੨)

- ਅਤਿ ਸੁੰਦਰ ਕੁਲੀਨ ਚਤੁਰ ਮੁਖਿ ਛਿਆਨੀ ਧਨਵੰਤ॥
  ਮਿਰਤਕ ਕਹੀਅਹਿ ਨਾਨਕਾ ਜਿਹ ਪ੍ਰੀਤਿ ਨਹੀ ਭਗਵੰਤ॥ (੨੫੩)

- ਯਯਾ ਜਤਨ ਕਰਤ ਬਹੁ ਬਿਧੀਆ॥ ਏਕ ਨਾਮ ਬਿਨੁ ਕਹ ਲਉ ਸਿਧੀਆ॥ (੨੫੯)

- ਛੰਛਾ ਖਟੁ ਸਾਸਤ੍ਰ ਹੋਇ ਛਿਆਤਾ॥ ਪੂਰਕੁ ਕੁੰਭਕ ਰੇਚਕ ਕਰਮਾਤਾ॥
  ਛਿਆਨ ਧਿਆਨ ਤੀਰਥ ਇਸਨਾਨੀ॥ ਸੋਮਪਾਕ ਅਪਰਸ ਉਦਿਆਨੀ॥

ਰਾਮ ਨਾਮ ਸੰਗਿ ਮਨਿ ਨਹੀ ਹੇਤਾ॥ ਜੋ ਕਛੁ ਕੀਨੋ ਸੋਊ ਅਨੇਤਾ॥ (੨੫੩)

- ਗੋਬਿਦ ਭਜਨ ਬਿਨੁ ਬ੍ਰਿਥੇ ਸਭਿ ਕਾਮ॥ ਜਿਉ ਕਿਰਪਨ ਕੇ ਨਿਰਾਰਥ ਦਾਮ॥ (੨੬੯)

- ਨਾਮ ਬਿਨਾ ਕੁਸਟੀ ਮੋਹ ਅੰਧਾ॥ ਸਭਿ ਨਿਹਫਲ ਕਰਮ ਕੀਏ ਦੁਖੁ ਧੰਧਾ॥ (੩੬੭)

- ਬਿਨੁ ਨਾਵੈ ਕੋਇ ਨ ਮੰਨੀਐ ਮਨਮੁਖਿ ਪਤਿ ਗਵਾਈ॥ (੪੨੬)

- ਵਿਣੁ ਨਾਵੈ ਕਿਛੁ ਥਾਇ ਨ ਪਾਈ॥ (੪੬੭)

- ਹਭਿ ਕੂੜਾਵੇ ਕੰਮ ਇਕਸੁ ਸਾਈ ਬਾਹਰੇ॥ (੭੦੯)

- ਨਾਮੁ ਰਤਨੁ ਪਾਇਓ ਜਨ ਨਾਨਕ ਨਾਮ ਬਿਹੂਨ ਚਲੇ ਸਭਿ ਮੂਠੇ॥ (੭੧੭)

- ਨਾਮ ਬਿਨਾ ਸਭਿ ਕੂੜੁ ਗਾਲੀ ਹੋਛੀਆ॥ (੭੬੧)

- ਖੋਜਤ ਖੋਜਤ ਖੋਜਿਆ ਨਾਮੈ ਬਿਨੁ ਕੂਰੁ॥ (੮੧੧)

- ਜਿਨ੍ਹੀ ਨਾਮੁ ਵਿਸਾਰਿਆ ਕੂੜੇ ਕਹਣ ਕਹੰਨ੍ਹਿ॥ (੮੫੪)

- ਨਾਮ ਬਿਨਾ ਸਭੁ ਝੂਠੁ ਪਰਾਨੀ॥
ਗੋਵਿਦ ਭਜਨ ਬਿਨੁ ਅਵਰ ਸੰਗਿ ਰਾਤੇ ਤੇ ਸਭਿ ਮਾਇਆ ਮੂਠੁ ਪਰਾਨੀ॥ (੮੯੦)

- ਰਾਮ ਨਾਮ ਬਿਨੁ ਗਤਿ ਨਹੀ ਕਾਈ ਗੁਰੁ ਪੂਰਾ ਭੇਟਤ ਉਧਾਰ॥ (੮੯੧)

- ਗਨਿ ਮਿਨਿ ਦੇਖਹੁ ਸਗਲ ਬੀਚਾਰਿ॥ ਨਾਮ ਬਿਨਾ ਕੋ ਸਕੈ ਨ ਤਾਰਿ॥ (੮੯੩)

- ਸਗਲੇ ਕਰਮ ਧਰਮ ਜੁਗ ਸੋਧੇ॥ ਬਿਨੁ ਨਾਵੈ ਇਹੁ ਮਨੁ ਨ ਪ੍ਰਬੋਧੇ॥ (੯੧੩)

- ਸਾਚ ਸਬਦ ਬਿਨੁ ਪਤਿ ਨਹੀ ਪਾਵੈ॥ ਨਾਨਕ ਬਿਨੁ ਨਾਵੈ ਕਿਉ ਸਾਚਿ ਸਮਾਵੈ॥ (੯੪੧)

- ਬਿਨੁ ਨਾਵੈ ਬੋਲੈ ਸਭੁ ਵੇਕਾਰੁ॥ (੯੪੧)

- ਮੰਨੇ ਨਾਉ ਸੋਈ ਜਿਹਿ ਜਾਇ॥ ਅਉਰੀ ਕਰਮ ਨ ਲੇਖੈ ਲਾਇ॥ (੯੫੪)

- ਗੁਰਿ ਪੂਰੈ ਵੇਖਾਲਿਆ ਵਿਣੁ ਨਾਵੈ ਸਭ ਬਾਦਿ॥
ਸਾਕਤ ਦੁਰਜਨ ਭਰਮਿਆ ਜੋ ਲਗੇ ਦੂਜੈ ਸਾਦਿ॥ (੯੫੭)

- ਸਾਸੁ ਸਾਸੁ ਜਾਇ ਨਾਮੈ ਬਿਨੁ ਸੋ ਬਿਰਥਾ ਸਾਸੁ ਬਿਕਾਰੇ॥ (੯੮੦)

- ਨਾਮ ਬਿਨਾ ਨਹੀ ਛੂਟਸਿ ਨਾਨਕ ਸਾਚੀ ਤਰੁ ਤੂ ਤਾਰੀ॥ (੧੦੧੩)

- ਨਾਉ ਵਿਸਾਰਹਿ ਬੇਦੁ ਸਮਾਲਹਿ ਬਿਖੁ ਭੂਲੇ ਲੇਖਾਰੀ॥ (੧੦੧੫)

- ਨਾਵਹੁ ਭੁਲੀ ਚੋਟਾ ਖਾਏ॥ ਬਹੁਤੁ ਸਿਆਣਪ ਭਰਮੁ ਨ ਜਾਏ॥ (੧੦੨੫)

- ਪੜਹਿ ਮਨਮੁਖ ਪਰੁ ਬਿਧਿ ਨਹੀ ਜਾਨਾ॥ ਨਾਮੁ ਨ ਬੂਝਹਿ ਭਰਮਿ ਭੁਲਾਨਾ॥ (੧੦੩੨)

- ਸਿਮ੍ਰਿਤਿ ਸਾਸਤ੍ਰ ਪੜਹਿ ਪੁਰਾਣਾ॥ ਵਾਦੁ ਵਖਾਣਹਿ ਤਤੁ ਨ ਜਾਣਾ॥
ਵਿਣੁ ਗੁਰ ਪੂਰੇ ਤਤੁ ਨ ਪਾਈਐ ਸਚ ਸੂਚੇ ਸਚੁ ਰਾਹਾ ਹੇ॥ (੧੦੩੨)

- ਸਚ ਬਿਨੁ ਸਤੁ ਸੰਤੋਖੁ ਨ ਪਾਵੈ॥ (੧੦੪੦)

- ਤੀਰਥ ਵਰਤ ਨੇਮ ਕਰਹਿ ਉਦਿਆਨਾ॥ ਜਤੁ ਸਤੁ ਸੰਜਮੁ ਕਥਹਿ ਗਿਆਨਾ॥
ਰਾਮਨਾਮ ਬਿਨੁ ਕਿਉ ਸੁਖੁ ਪਾਈਐ ਬਿਨੁ ਸਤਿਗੁਰ ਭਰਮੁ ਨ ਜਾਇਆ॥ (੧੦੪੩)

- ਕਾਇਆ ਕੁਸੁਧ ਹਉਮੈ ਮਲੁ ਲਾਈ॥ ਜੇ ਸਉ ਧੋਵਹਿ ਤਾ ਮੈਲੁ ਨ ਜਾਈ॥
ਸਬਦਿ ਧੋਪੈ ਤਾ ਹਛੀ ਹੋਵੈ ਫਿਰਿ ਮੈਲੀ ਮੂਲਿ ਨ ਹੋਈ ਹੇ॥ (੧੦੪੫)

- ਪੜਿ ਪੰਡਿਤੁ ਅਵਰਾ ਸਮਝਾਏ॥ ਘਰ ਜਲਤੇ ਕੀ ਖਬਰਿ ਨ ਪਾਏ॥
ਬਿਨੁ ਸਤਿਗੁਰ ਸੇਵੇ ਨਾਮੁ ਨ ਪਾਈਐ ਪੜਿ ਥਾਕੇ ਸਾਂਤਿ ਨ ਆਈ ਹੇ॥ (੧੦੪੬)

- ਬਿਨੁ ਨਾਵੈ ਸਭ ਦੁਖੁ ਸੰਸਾਰਾ॥ ਬਹੁ ਕਰਮ ਕਮਾਵਹਿ ਵਧਹਿ ਵਿਕਾਰਾ॥ (੧੦੬੨)

- ਸਭੁ ਕੋ ਵਣਜੁ ਕਰੇ ਵਾਪਾਰਾ॥ ਵਿਣੁ ਨਾਵੈ ਸਭੁ ਤੋਟਾ ਸੰਸਾਰਾ॥ (੧੦੬੪)

- ਨਾਮ ਬਿਨਾ ਬਿਰਥੇ ਸਭਿ ਕਾਜ॥ (੧੧੪੦)

- ਨਾਮ ਬਿਨਾ ਨਰੁ ਕਹੀ ਨ ਲੇਖੈ॥ (੧੧੪੦)

- ਨਾਮ ਬਿਨਾ ਕੈਸੇ ਗੁਨ ਚਾਰੁ॥ (੧੧੮੭)

- ਆਨ ਜੰਜਾਰ ਬ੍ਰਿਥਾ ਸ੍ਰਮੁ ਘਾਲਤ ਬਿਨੁ ਹਰਿ ਫੋਕਟ ਗਿਆਨ॥ (੧੨੨੧)

- ਹਰਿ ਬਿਸਾਰਿ ਜੁ ਆਨ ਰਾਚਹਿ ਮਿਥਨ ਸਭਿ ਬਿਸਥਾਰ॥ (੧੨੨੮)

- ਹਰਿ ਭਜਿ ਆਨ ਕਰਮ ਬਿਕਾਰ॥ (੧੨੨੯)

- ਬਹੁ ਬਿਧਿ ਕਰਮ ਕਰਹਿ ਭਾਇ ਦੂਜੈ ਬਿਨੁ ਸਬਦੈ ਬਉਰਾਨਿਆ॥ (੧੨੩੪)

- ਨਾਮ ਬਿਨਾ ਸਭੁ ਜਗੁ ਹੈ ਮੈਲਾ ਦੂਜੈ ਭਰਮਿ ਪਤਿ ਖੋਈ॥ (੧੨੩੪)

- ਜਿਨੀ ਨਾਮੁ ਵਿਸਾਰਿਆ ਬਹੁ ਕਰਮ ਕਮਾਵਹਿ ਹੋਰਿ॥
ਨਾਨਕ ਜਮ ਪੁਰਿ ਬਧੇ ਮਾਰੀਅਹਿ ਜਿਉ ਸੰਨ੍ਹੀ ਉਪਰਿ ਚੋਰ॥ (੧੨੪੭)

- ਮਨਮੁਖ ਕਾ ਇਹੁ ਬਾਦਿ ਆਚਾਰੁ॥ ਬਹੁ ਕਰਮ ਦ੍ਰਿੜਾਵਹਿ ਨਾਮੁ ਵਿਸਾਰਿ॥ (੧੨੭੭)

- ਬਿਨੁ ਸਬਦੈ ਆਚਾਰੁ ਨ ਕਿਨ ਹੀ ਪਾਇਆ॥ (੧੨੮੫)

- ਬਿਨੁ ਨਾਵੈ ਜਿ ਕਰਮ ਕਮਾਵਣੇ ਨਿਤ ਹਉਮੈ ਹੋਇ ਖੁਆਰੁ॥ (੧੩੧੪)

- ਨਾਮ ਬਿਨਾ ਫੋਕਟ ਸਭਿ ਕਰਮਾ ਜਿਉ ਬਾਜੀਗਰੁ ਭਰਮਿ ਭੁਲੈ॥ (੧੩੪੩)

- ਬਿਨੁ ਨਾਵੈ ਹੋਰੁ ਕਮਾਵਣਾ ਫਿਕਾ ਆਵੈ ਸਾਦੁ॥ (੧੩੪੩)

- ਜਪਹੁ ਤ ਏਕੋ ਨਾਮਾ॥ ਅਵਰਿ ਨਿਰਾਫਲ ਕਾਮਾ॥ (੭੨੮)

- ਐਥੈ ਓਥੈ ਨਿਬਹੀ ਨਾਲਿ॥ ਵਿਣੁ ਨਾਵੈ ਹੋਰਿ ਕਰਮ ਨ ਭਾਲਿ॥ (੩੫੫)

- ਕਲਿਜੁਗਿ ਬੀਜੁ ਬੀਜੇ ਬਿਨੁ ਨਾਵੈ ਸਭੁ ਲਾਹਾ ਮੂਲੁ ਗਵਾਇਆ॥ (੪੪੬)

(ਘ) ਨਾਮ ਬਿਨਾ ਸਭ ਨੀਚ ਜਾਤਿ

- ਵਿਣੁ ਨਾਵੈ ਸਭ ਡੁਮਣੀ ਦੂਜੈ ਭਾਇ ਖੁਆਇ॥ (੩੫)

- ਬਿਨੁ ਨਾਵੈ ਸਭ ਨੀਚ ਜਾਤਿ ਹੈ ਬਿਸਟਾ ਕਾ ਕੀੜਾ ਹੋਇ॥ (੪੨੬)

- ਖਸਮੁ ਵਿਸਾਰਹਿ ਤੇ ਕਮਜਾਤਿ॥ ਨਾਨਕ ਨਾਵੈ ਬਾਝੁ ਸਨਾਤਿ॥ (੧੦)

- ਸਿਰਜਣਹਾਰਿ ਭੁਲਾਇਆ ਵਿਣੁ ਨਾਵੈ ਨਾਪਾਕ॥ (੪੨)

- ਉਆ ਤੇ ਊਤਮੁ ਗਨਉ ਚੰਡਾਲਾ॥ ਨਾਨਕ ਜਿਹ ਮਨਿ ਬਸਹਿ ਗੁਪਾਲਾ॥ (੨੫੩)

(ਙ) ਨਾਮੋ ਹੀਣੇ ਨਕਟੇ

- ਨਾਨਕ ਵਿਣੁ ਨਾਵੈ ਨਕੀਂ ਵਢੀਂ ਫਿਰਹਿ ਸੋਭਾ ਮੂਲਿ ਨ ਪਾਹਿ॥ (੫੯੦)

- ਮਨਮੁਖੁ ਕਾਇਰੁ ਕਰੂਪੁ ਹੈ ਬਿਨੁ ਨਾਵੈ ਨਕੁ ਨਾਹਿ॥ (੫੯੧)

- ਨਾਮਹੀਣ ਫਿਰਹਿ ਸੇ ਨਕਟੇ ਤਿਨ ਘਸਿ ਘਸਿ ਨਕ ਵਢਾਇਆ॥ (੮੮੨)

- ਨਾਮ ਬਿਨਾ ਨਕਟੇ ਨਰ ਦੇਖਹੁ ਤਿਨ ਘਸਿ ਘਸਿ ਨਾਕ ਵਢੀਜੈ॥ (੧੩੨੫)

- ਨਾਮਹੀਨ ਨਕਟੇ ਫਿਰਹਿ ਬਿਨੁ ਨਾਵੈ ਬਹਿ ਰੋਇ॥ (੧੪੧੪)

- ਜਿਨ ਹਰਿ ਹਿਰਦੈ ਨਾਮੁ ਨ ਵਸਿਓ ਤਿਨ ਸਭਿ ਕਾਰਜ ਫੀਕ॥
ਜੈਸੇ ਸੀਗਾਰੁ ਕਰੈ ਦੇਹ ਮਾਨੁਖ ਨਾਮ ਬਿਨਾ ਨਕਟੇ ਨਕ ਕੀਕ॥ (੧੩੩੬)

(ਚ) ਨਾਮੋ ਖਾਲੀ ਮਹਾਂ ਮੂਰਖ

- ਬਿਨੁ ਨਾਮ ਹਰਿ ਕੇ ਭਰਮਿ ਭੂਲੇ ਪਚਹਿ ਮੁਗਧ ਅਚੇਤਿਆ॥ (੪੩੯)

- ਜਿਨੀ ਰਾਮੋ ਰਾਮ ਨਾਮੁ ਵਿਸਾਰਿਆ ਸੇ ਮਨਮੁਖ ਮੂੜ ਅਭਾਗੀ ਰਾਮ॥ (੪੪੩)

- ਜਿਨ ਹਰਿ ਹਰਿ ਨਾਮੁ ਨ ਚੇਤਿਓ ਮੇਰੀ ਜਿੰਦੁੜੀਏ ਤੇ ਮਨਮੁਖ ਮੂੜ ਇਆਣੇ ਰਾਮ॥ (੫੪੦)

- ਮੂਰਖਾ ਸਿਰਿ ਮੂਰਖੁ ਹੈ ਜਿ ਮੰਨੇ ਨਾਹੀ ਨਾਉ॥ (੧੦੧੫)

(ਛ) ਨਾਮੋ ਸਖਣੇ ਧ੍ਰਿਕਾਰ ਯੋਗ

- ਬਿਨੁ ਨਾਵੈ ਧ੍ਰਿਗੁ ਧ੍ਰਿਗੁ ਅਹੰਕਾਰ॥ (੧੬੨)

- ਹਰਿ ਹਰਿ ਨਾਮੁ ਜਪਹੁ ਨਿਤ ਪ੍ਰਾਣੀ॥ ਨਾਮ ਬਿਹੂਨ ਧ੍ਰਿਗੁ ਦੇਹ ਬਿਗਾਨੀ॥ (੧੯੨)

- ਧ੍ਰਿਗੁ ਧ੍ਰਿਗੁ ਗ੍ਰਿਹੁ ਕੁਟੰਬੁ ਜਿਤੁ ਹਰਿ ਪ੍ਰੀਤਿ ਨ ਹੋਇ॥
ਸੋਈ ਹਮਾਰਾ ਮੀਤੁ ਜੋ ਹਰਿ ਗੁਣ ਗਾਵੈ ਸੋਇ॥ (੨੩੩)

- ਨਾਇ ਵਿਸਰਿਐ ਧ੍ਰਿਗੁ ਜੀਵਣਾ ਤੂਟੇ ਕਚ ਧਾਗੇ॥ (੩੨੨)

- ਨਾਮਹੀਨ ਕਾਲਖ ਮੁਖਿ ਮਾਇਆ॥ ਨਾਮ ਬਿਨਾ ਧ੍ਰਿਗੁ ਧ੍ਰਿਗੁ ਜੀਵਾਇਆ॥ (੩੬੬)

- ਬਿਨੁ ਨਾਵੈ ਕਿਆ ਜੀਵਨਾ ਫਿਟੁ ਧ੍ਰਿਗੁ ਚਤੁਰਾਈ॥ (੪੨੨)

- ਪਸੂ ਮਿਲਹਿ ਚੰਗਿਆਈਆ ਖੜੁ ਖਾਵਹਿ ਅੰਮ੍ਰਿਤੁ ਦੇਹਿ॥
ਨਾਮ ਵਿਹੂਣੇ ਆਦਮੀ ਧ੍ਰਿਗੁ ਜੀਵਣ ਕਰਮ ਕਰੇਹਿ॥ (੪੮੯)

- ਧ੍ਰਿਗੁ ਇਵੇਹਾ ਜੀਵਣਾ ਜਿਤੁ ਹਰਿ ਪ੍ਰੀਤਿ ਨ ਪਾਇ॥ (੪੯੦)

- ਮਾਣਸ ਜਨਮੁ ਪੁੰਨਿ ਕਰਿ ਪਾਇਆ ਬਿਨੁ ਨਾਵੈ ਧ੍ਰਿਗੁ ਧ੍ਰਿਗੁ ਬਿਰਥਾ ਜਾਈ॥ (੪੯੩)

- ਸਤਿਗੁਰ ਸਿਉ ਚਿਤੁ ਨ ਲਾਇਓ ਨਾਮੁ ਨ ਵਸਿਓ ਮਨਿ ਆਇ॥
ਧ੍ਰਿਗੁ ਇਵੇਹਾ ਜੀਵਿਆ ਕਿਆ ਜੁਗ ਮਹਿ ਪਾਇਆ ਆਇ॥ (੫੧੦)

- ਨਾਨਕ ਜਿ ਨਾਮੁ ਨ ਚੇਤਨੀ ਤਿਨ ਧਿਗੁ ਪੈਨਣੁ ਧਿਗੁ ਖਾਣੁ॥ (੬੪੬)

- ਫਿਟੁ ਇਵੇਹਾ ਜੀਵਿਆ ਜਿਤੁ ਖਾਇ ਵਧਾਇਆ ਪੇਟੁ॥ ਨਾਨਕ ਸਚੇ ਨਾਮ ਵਿਣੁ ਸਭੋ ਦੁਸਮਨੁ ਹੇਤੁ॥ (੭੯੦)

- ਧ੍ਰਿਗੁ ਧ੍ਰਿਗੁ ਖਾਇਆ ਧ੍ਰਿਗੁ ਧ੍ਰਿਗੁ ਸੋਇਆ ਧ੍ਰਿਗੁ ਧ੍ਰਿਗੁ ਕਾਪੜੁ ਅੰਗਿ ਚੜਾਇਆ॥
ਧ੍ਰਿਗੁ ਸਰੀਰੁ ਕੁਟੰਬ ਸਹਿਤ ਸਿਉ ਜਿਤੁ ਹੁਣਿ ਖਸਮੁ ਨ ਪਾਇਆ॥ (੭੯੬)

- ਨਾਮ ਹੀਨ ਧ੍ਰਿਗੁ ਜੀਵਤੇ ਤਿਨ ਵਡ ਦੂਖ ਸਹੰਮਾ॥ (੭੯੯)

- ਇਕਸੁ ਹਰਿ ਕੇ ਨਾਮ ਵਿਣੁ ਧ੍ਰਿਗੁ ਜੀਵਣੁ ਧ੍ਰਿਗੁ ਵਾਸੁ॥ (੯੪੯)

- ਨਾਮ ਬਿਨਾ ਧ੍ਰਿਗੁ ਜੀਵਣੁ ਮੂਆ॥ (੧੧੫੬)

- ਧ੍ਰਿਗੁ ਸਰੀਰੁ ਅਸਤ ਬਿਸਟਾ ਕ੍ਰਿਮ ਬਿਨੁ ਹਰਿ ਜਾਨਤ ਹੋਰ॥ (੧੨੨੯)

- ਸਾਕਤ ਨਰ ਅਹੰਕਾਰੀ ਕਹੀਅਹਿ ਬਿਨੁ ਨਾਵੈ ਧ੍ਰਿਗੁ ਜੀਵੀਜੈ॥ (੧੩੨੫)

- ਧ੍ਰਿਗੁ ਖਾਣਾ ਧ੍ਰਿਗੁ ਪੈਨ੍ਹਣਾ ਜਿਨਾ ਦੂਜੈ ਭਾਇ ਪਿਆਰੁ॥ (੧੩੪੭)

- ਗੁਰਮੰਤ੍ਰ ਹੀਣਸ੍ਯ ਜੋ ਪ੍ਰਾਣੀ ਧ੍ਰਿਗੰਤ ਜਨਮ ਭ੍ਰਸਟਣਹ॥ (੧੩੫੬)

- ਸਤਿਗੁਰੂ ਨ ਸੇਵਿਓ ਸਬਦੁ ਨ ਰਖਿਓ ਉਰਿ ਧਾਰਿ॥
ਧ੍ਰਿਗੁ ਤਿਨਾ ਕਾ ਜੀਵਿਆ ਕਿਤੁ ਆਏ ਸੰਸਾਰਿ॥ (੧੪੧੪)

- ਮਨਮੁਖ ਨਾਮੁ ਨ ਚੇਤਿਓ ਧਿਗੁ ਜੀਵਣੁ ਧਿਗੁ ਵਾਸੁ॥ (੧੪੧੬)

- ਨਾਮੁ ਮਿਲੈ ਮਨੁ ਤ੍ਰਿਪਤੀਐ ਬਿਨੁ ਨਾਮੈ ਧ੍ਰਿਗੁ ਜੀਵਾਸੁ॥ (੪੦)

- ਮਿਲੁ ਮੇਰੇ ਗੋਬਿੰਦ ਅਪਨਾ ਨਾਮੁ ਦੇਹੁ॥ ਨਾਮ ਬਿਨਾ ਧ੍ਰਿਗੁ ਧ੍ਰਿਗੁ ਅਸਨੇਹੁ॥ (੨੪੦)

- ਨਾਨਕ ਵਿਣੁ ਨਾਵੈ ਧ੍ਰਿਗੁ ਮੋਹੁ ਜਿਤੁ ਲਗਿ ਦੁਖੁ ਪਾਇਆ॥ (੧੨੫੦)

- ਬਿਨੁ ਨਾਵੈ ਧ੍ਰਿਗੁ ਵਾਸੁ ਫਿਟੁ ਸੁ ਜੀਵਿਆ॥ (੧੪੮)

(ਜ) ਨਾਮ ਬਿਨਾ ਜੀਵਣ ਕੁੱਤਿਆਂ, ਕਾਂਵਾਂ, ਗਧਿਆਂ, ਸੂਰਾਂ, ਸੱਪਾਂ ਆਦਿ ਜੂਨਾ ਸਮਾਨ ਸਗੋਂ ਏਹਨਾਂ ਤੋਂ ਭੀ ਭੈੜਾ।

- ਬਿਨੁ ਸਿਮਰਨ ਜੈਸੇ ਸਰਪ ਆਰਜਾਰੀ॥ ਤਿਉ ਜੀਵਹਿ ਸਾਕਤ ਨਾਮੁ ਬਿਸਾਰੀ॥
ਬਿਨੁ ਸਿਮਰਨ ਭਏ ਕੂਕਰ ਕਾਮ॥ ਸਾਕਤ ਬੇਸੁਆ ਪੂਤ ਨਿਨਾਮ॥
ਬਿਨੁ ਸਿਮਰਨ ਜੈਸੇ ਸੀਝ ਛਤਾਰਾ॥ ਬੋਲਹਿ ਕੂਰੁ ਸਾਕਤ ਮੁਖੁ ਕਾਰਾ॥
ਬਿਨੁ ਸਿਮਰਨ ਗਰਦਬ ਕੀ ਨਿਆਈ॥ ਸਾਕਤ ਥਾਨ ਭਰਿਸਟ ਫਿਰਾਹੀ॥
ਬਿਨੁ ਸਿਮਰਨ ਕੂਕਰ ਹਰਕਾਇਆ॥ ਸਾਕਤ ਲੋਭੀ ਬੰਧੁ ਨ ਪਾਇਆ॥ (੨੩੯)

- ਬਿਨੁ ਸਿਮਰਨ ਜੋ ਜੀਵਨੁ ਬਲਨਾ ਸਰਪ ਜੈਸੇ ਅਰਜਾਰੀ॥ (੭੧੨)

- ਸਿਮਰਨੁ ਨਹੀ ਆਵਤ ਫਿਰਤ ਮਦ ਮਾਵਤ ਬਿਖਿਆ ਰਾਤਾ ਸੁਆਨ ਜੈਸੇ॥ (੮੨੯)

- ਮਨਮੁਖ ਵਿਣੁ ਨਾਵੈ ਕੂੜਿਆਰ ਫਿਰਹਿ ਬੇਤਾਲਿਆ॥
ਪਸੂ ਮਾਣਸ ਚੰਮਿ ਲਪੇਟੇ ਅੰਦਰਹੁ ਕਾਲਿਆ॥ (੧੨੮੪)

- ਜਿਨ ਦਰਸਨੁ ਸਤਿਗੁਰ ਸਤ ਪੁਰਖ ਨ ਪਾਇਆ ਤੇ ਭਾਗਹੀਣ ਜਮਿ ਮਾਰੇ॥
ਸੇ ਕੂਕਰ ਸੂਕਰ ਗਰਧਭ ਪਵਹਿ ਗਰਭ ਜੋਨੀ ਦਯਿ ਮਾਰੇ ਮਹਾ ਹਤਿਆਰੇ॥ (੪੯੩)

- ਨਾਮੁ ਵਿਸਾਰਿ ਮਾਇਆ ਮਦੁ ਪੀਆ॥ ਬਿਨੁ ਗੁਰ ਭਗਤਿ ਨਾਹੀ ਸੁਖੁ ਥੀਆ॥
ਸੂਕਰ ਸੁਆਨ ਗਰਧਭ ਮੰਜਾਰਾ ॥ ਪਸੂ ਮਲੇਛ ਨੀਚ ਚੰਡਾਲਾ॥ (੮੩੨)

- ਗੁਰਮੰਤ੍ਰ ਹੀਣਸ੍ਯ ਜੋ ਪ੍ਰਾਣੀ ਧ੍ਰਿਗੰਤ ਜਨਮ ਭ੍ਰਸਟਣਹ॥
ਕੂਕਰਹ ਸੂਕਰਹ ਗਰਧਭਹ ਕਾਕਹ ਸਰਪਨਹ ਤੁਲਿ ਖਲਹ॥ (੧੩੫੬)

- ਕਬੀਰ ਸਾਕਤ ਤੇ ਸੂਕਰੁ ਭਲਾ ਰਾਖੈ ਆਛਾ ਗਾਉ॥
ਉਹੁ ਸਾਕਤੁ ਬਪੁਰਾ ਮਰ�ि ਗਇਆ ਕੋਇ ਨ ਲੈਹੈ ਨਾਉ॥ (੧੩੭੨)

- ਏਕ ਭਗਤਿ ਭਗਵਾਨ ਜਿਹ ਪ੍ਰਾਨੀ ਕੈ ਨਾਹਿ ਮਨਿ॥
ਜੈਸੇ ਸੂਕਰ ਸੁਆਨ ਨਾਨਕ ਮਾਨੋ ਤਾਹਿ ਤਨੁ॥ (੧੪੨੮)

- ਚਿਰੰਕਾਲ ਪਾਈ ਦ੍ਰੁਲਭ ਦੇਹ॥ ਨਾਮ ਬਿਹੂਣੀ ਹੋਈ ਖੇਹ॥
ਪਸੂ ਪਰੇਤ ਮੁਗਧ ਤੇ ਬੁਰੀ॥ ਤਿਸਹਿ ਨ ਬੂਝੈ ਜਿਨਿ ਏਹ ਸਿਰੀ॥ (੮੯੦)

- ਜਿਨਾ ਸਤਿਗੁਰੁ ਪੁਰਖੁ ਨ ਸੇਵਿਓ ਸਬਦਿ ਨ ਕੀਤੋ ਵੀਚਾਰੁ॥
ਓਇ ਮਾਣਸ ਜੂਨਿ ਨ ਆਖੀਅਨਿ ਪਸੂ ਢੋਰ ਗਾਵਾਰ॥ (੧੪੧੮)

(ਝ) ਨਾਮੋਂ ਹੀਣਿਆ ਦੀ ਭਿੱਟ ਤੋਂ ਬਚਣ ਲਈ ਗੁਰੂ ਸਾਹਿਬ ਦੇ ਤਾਕੀਦੀ ਹੁਕਮ

- ਹਰਿ ਤਿਨ ਕਾ ਦਰਸਨੁ ਨਾ ਕਰਹੁ ਜੋ ਦੂਜੈ ਭਾਇ ਚਿਤੁ ਲਾਹੀ॥ (੩੦੯)

- ਹਰਿ ਸਾਕਤ ਸੇਤੀ ਸੰਗੁ ਨ ਕਰੀਅਹੁ ਓਇ ਮਾਰੇ ਸਿਰਜਣਹਾਰੇ॥ (੩੧੨)

- ਹਰਿ ਹਰਿ ਤਿਨ ਕਾ ਦਰਸੁ ਨ ਕਰੀਅਹੁ ਜਿਨੀ ਹਰਿ ਹਰਿ ਨਾਮੁ ਨ ਧਿਆਇਆ॥ (੫੭੪)

- ਸਾਕਤ ਸਿਉ ਮਨ ਮੇਲੁ ਨ ਕਰੀਅਹੁ ਜਿਨਿ ਹਰਿ ਹਰਿ ਨਾਮੁ ਬਿਸਾਰੇ॥ (੯੮੧)

- ਜੋ ਨ ਭਜੰਤੇ ਨਾਰਾਇਣਾ॥ ਤਿਨ ਕਾ ਮੈ ਨ ਕਰਉ ਦਰਸਨਾ॥ (੧੧੬੩)

- ਖਸਮੁ ਵਿਸਾਰਹਿ ਤੇ ਕਮਜਾਤਿ॥ ਨਾਨਕ ਨਾਵੈ ਬਾਝੁ ਸਨਾਤਿ॥ (੩੪੯)

(ਵ) ਮਰਿ ਨਾ ਜਾਹੀ ਜਿਨਾ ਬਿਸਰਤ ਰਾਮ

- ਜਿਹ ਨਰ ਰਾਮ ਭਗਤਿ ਨਹਿ ਸਾਧੀ॥ ਜਨਮਤ ਕਸ ਨ ਮੁਓ ਅਪਰਾਧੀ॥
  ਮੁਚੁ ਮੁਚੁ ਗਰਭ ਗਏ ਕੀਨ ਬਚਿਆ॥ ਬੁਡਭੁਜ ਰੂਪ ਜੀਵੇ ਜਗ ਮਝਿਆ॥ (੩੨੮)

- ਲਾਜ ਮਰੈ ਜੋ ਨਾਮੁ ਨ ਲੇਵੈ॥ (੧੧੪੮)

- ਮਰਿ ਨ ਜਾਹੀ ਜਿਨਾ ਬਿਸਰਤ ਰਾਮ॥ ਨਾਮ ਬਿਹੂਨ ਜੀਵਨ ਕਉਨ ਕਾਮ॥ (੧੮੮)

- ਨਾਮ ਬਿਨਾ ਕੁਸਟੀ ਮੋਹੁ ਅੰਧਾ॥ (੩੬੭)

- ਜਿਨ ਹਰਿ ਹਿਰਦੈ ਨਾਮੁ ਨ ਬਸਿਓ ਤਿਨ ਮਾਤ ਕੀਜੈ ਹਰਿ ਬਾਂਝਾ॥ (੬੯੭)

- ਜਿਨਿ ਐਸਾ ਨਾਮੁ ਵਿਸਾਰਿਆ ਮੇਰਾ ਹਰਿ ਹਰਿ ਤਿਸ ਕੈ ਕੁਲਿ ਲਾਗੀ ਗਾਰੀ॥
  ਹਰਿ ਤਿਸ ਕੈ ਕੁਲਿ ਪਰਸੂਤਿ ਨ ਕਰੀਅਹੁ ਤਿਸੁ ਬਿਧਵਾ ਕਰਿ ਮਹਤਾਰੀ॥ (੧੨੬੩)

- ਸਤਿਗੁਰ ਕੀ ਸੇਵ ਨ ਕੀਨੀਆ ਹਰਿ ਨਾਮਿ ਨ ਲਗੋ ਪਿਆਰੁ॥
  ਮਤੁ ਤੁਮ ਜਾਣਹੁ ਓਇ ਜੀਵਦੇ ਓਇ ਆਪਿ ਮਾਰੇ ਕਰਤਾਰਿ॥ (੫੮੯)

- ਮਨਮੁਖ ਧਾਤੁ ਦੂਜੈ ਹੈ ਲਾਗਾ॥ ਜਨਮਤ ਕੀ ਨ ਮੂਓ ਆਭਾਗਾ॥ (੧੦੪੫)